SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 183 | Friday, September 29, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਭਾਰਤ ਤੇ ਕੈਨੇਡਾ ਵਿਚਕਾਰ ਵਧੇ ਤਣਾਅ ਦਰਮਿਆਨ ਐਂਟਨੀ ਬਲਿੰਕਨ ਤੇ ਜੈਸ਼ੰਕਰ ਨੇ ਕੀਤੀ ਮੁਲਾਕਾਤ

ਓਟਵਾ, 28 ਸਤੰਬਰ (ਪੋਸਟ ਬਿਊਰੋ) : ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਕੈਨੇਡਾ ਵਿੱਚ ਸਿੱਖ ਕਾਰਕੁੰਨ ਦੇ ਕਤਲ ਦੇ ਪਿੱਛੇ ਭਾਰਤ ਸਰਕਾਰ ਦਾ ਹੱਥ ਹੋਣ ਦੇ ਦੋਸ਼ ਲਾਏ ਜਾਣ ਤੋਂ ਬਾਅਦ ਕੈਨੇਡਾ ਤੇ ਭਾਰਤ ਦੇ ਰਿਸ਼ਤਿਆਂ ਵਿੱਚ ਆਈ ਕੜਵਾਹਟ ਦਰਮਿਆਨ ਅਮਰੀਕਾ ਦੇ ਵਿਦੇਸ਼ ਮੰਤਰੀ ਐਂਟਨੀ ਬਲਿੰਕਨ ਨੇ ਵੀਰਵਾਰ ਨੂੰ ਭਾਰਤ ਦੇ ਵਿਦੇਸ਼ ਮੰਤਰੀ ਸੁਬਰਾਮਨੀਅਮ ਜੈਸ਼ੰਕਰ ਨਾਲ ਮੁਲਾਕਾਤ ਕੀਤੀ।



ਰੀਜਨ ਵਿੱਚ ਚੀਨ ਦੇ ਵੱਧ ਰਹੇ ਦਬਦਬੇ ਨੂੰ ਘਟਾਉਣ ਲਈ ਤੇ ਇੰਡੋਪੈਸੇਫਿਕ ਰਣਨੀਤੀ ਲਈ ਅਹਿਮ ਦੱਖਣੀ ਏਸ਼ੀਆਈ ਮੁਲਕ ਭਾਰਤ ਤੇ ਆਪਣੇ ਨੌਰਦਰਨ ਗੁਆਂਢੀ ਕੈਨੇਡਾ ਦਰਮਿਆਨ ਵਧੇ ਇਸ ਤਣਾਅ ਨੂੰ ਘਟਾਉਣ ਦੀ ਅਮਰੀਕਾ ਕਸ਼ਿਸ਼ ਕਰ ਰਿਹਾ ਹੈ। ਇਸ ਕੋਸ਼ਿਸ਼ ਦੇ ਚੱਲਦਿਆਂ ਹੀ ਬਲਿੰਕਨ ਨੇ ਵੀਰਵਾਰ ਨੂੰ ਸੁਬਰਾਮਨੀਅਮ ਜੈਸ਼ੰਕਰ ਨਾਲ ਅਮਰੀਕਾ ਦੇ ਵਿਦੇਸ਼ ਮੰਤਰਾਲੇ ਵਿੱਚ ਮੁਲਾਕਾਤ ਕੀਤੀ।

ਦੋਵਾਂ ਮੰਤਰੀਆਂ ਵਿੱਚੋਂ ਕਿਸੇ ਨੇ ਵੀ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਸਮੇਂ ਕੈਨੇਡਾ ਤੇ ਭਾਰਤ ਦੇ ਸਬੰਧਾਂ ਵਿੱਚ ਆਈ ਖੜੋਤ ਦਾ ਜ਼ਿਕਰ ਤੱਕ ਨਹੀਂ ਕੀਤਾ ਪਰ ਅਮਰੀਕੀ ਅਧਿਕਾਰੀਆਂ ਨੇ ਆਖਿਆ ਕਿ ਇਹ ਮੁੱਦਾ ਉੱਠਿਆ ਜ਼ਰੂਰ ਸੀ। ਆਪਣਾ ਨਾਂ ਗੁਪਤ ਰੱਖਣ ਦੀ ਸ਼ਰਤ ਉੱਤੇ ਇੱਕ ਅਧਿਕਾਰੀ ਨੇ ਦੱਸਿਆ ਕਿ ਬਲਿੰਕਨ ਵੱਲੋਂ ਭਾਰਤ ਨੂੰ ਕੈਨੇਡੀਅਨ ਜਾਂਚ ਵਿੱਚ ਸਹਿਯੋਗ ਕਰਨ ਲਈ ਹੱਲਾਸ਼ੇਰੀ ਦਿੱਤੀ ਗਈ ਹੈ। ਦੋਵਾਂ ਆਗੂਆਂ ਦੀ ਮੀਟਿੰਗ ਤੋਂ ਪਹਿਲਾਂ ਵਿਦੇਸ਼ ਮੰਤਰਾਲੇ ਦੇ ਬੁਲਾਰੇ ਮੈਥਿਊ ਮਿੱਲਰ ਨੇ ਪੱਤਰਕਾਰਾਂ ਨੂੰ ਦੱਸਿਆ ਸੀ ਕਿ ਅਸੀਂ ਭਾਰਤ ਸਰਕਾਰ ਨਾਲ ਲਗਾਤਾਰ ਰਾਬਤਾ ਰੱਖ ਰਹੇ ਹਾਂ ਤੇ ਉਸ ਨੂੰ ਸਹਿਯੋਗ ਲਈ ਅਪੀਲ ਕਰ ਰਹੇ ਹਾਂ।

ਮੀਟਿੰਗ ਤੋਂ ਬਾਅਦ ਮਿੱਲਰ ਨੇ ਇੱਕ ਬਿਆਨ ਜਾਰੀ ਕਰਕੇ ਦੱਸਿਆ ਕਿ ਬਲਿੰਕਨ ਤੇ ਜੈਸ਼ੰਕਰ ਨੇ ਕਈ ਮੁੱਦਿਆਂ ਉੱਤੇ ਗੱਲ ਕੀਤੀ, ਇਨ੍ਹਾਂ ਵਿੱਚ ਭਾਰਤ ਦੀ ਮੇਜ਼ਬਾਨੀ ਵਿੱਚ ਹੋਈ ਜੀ-20 ਵਾਰਤਾ ਦੇ ਨਤੀਜਿਆਂ, ਭਾਂਰਤ-ਮਿਡਲ ਈਸਟ-ਯੂਰਪ ਇਕਨੌਮਿਕ ਕੌਰੀਡੋਰ ਕਾਇਮ ਕਰਨ ਤੇ ਪਾਰਦਰਸ਼ੀ, ਟਿਕਾਊ ਤੇ ਉੱਚ ਮਿਆਰ ਵਾਲਾ ਇਨਫਰਾਸਟ੍ਰਕਚਰ ਨਿਵੇਸ਼ ਪੈਦਾ ਕਰਨ ਦੀ ਸਮਰੱਥਾ ਆਦਿ ਸ਼ਾਮਲ ਹਨ।

## ਨਹੀਂ ਰਹੇ ਡੰਬਲਡੋਰ

ਓਟਵਾ, 28 ਸਤੰਬਰ (ਪੋਸਟ ਬਿਊਰੋ) : ਹੈਰੀ ਪੌਟਰ ਦੀਆਂ ਅੱਠ ਫਿਲਮਾਂ ਵਿੱਚੋਂ ਛੇ ਵਿੱਚ ਹੌਗਵਾਰਟਸ ਹੈੱਡਮਾਸਟਰ ਐਲਬਸ ਡੰਬਲਡੋਰ ਦੀ ਭੂਮਿਕਾ ਨਿਭਾਉਣ ਵਾਲੇ ਸੀਨੀਅਰ ਐਕਟਰ ਮਾਈਕਲ ਗੈਂਬਡਨ ਨਹੀਂ ਰਹੇ। ਉਹ 82 ਸਾਲਾਂ ਦੇ ਸਨ। ਉਨ੍ਹਾਂ ਦੇ ਪਰਿਵਾਰ ਤੇ ਪਬਲਿਸਿਸਟ ਵੱਲੋਂ ਜਾਰੀ ਕੀਤੇ ਗਏ ਬਿਆਨ ਵਿੱਚ ਆਖਿਆ ਗਿਆ ਕਿ ਉਸ ਦੀ ਮੌਤ ਨਿਮੋਨੀਆ ਕਾਰਨ ਹੋਈ। ਉਸ ਦੇ ਪਰਿਵਾਰ ਨੇ ਆਖਿਆ ਕਿ ਸਰ ਮਾਈਕਲ ਗੈਂਬਡਨ ਦੀ ਮੌਤ ਦਾ ਐਲਾਨ ਕਰਦੇ ਹੋਏ ਸਾਨੂੰ ਬਹੁਤ ਦੁੱਖ ਹੋ ਰਿਹਾ ਹੈ। ਉਨ੍ਹਾਂ ਦੱਸਿਆ ਕਿ ਮਾਈਕਲ ਦੀ ਮੌਤ ਸਮੇਂ ਉਨ੍ਹਾਂ ਦੀ ਪਤਨੀ ਐਨ ਤੇ ਬੇਟਾ ਫਰਗੁਸ ਉਨ੍ਹਾਂ ਦੇ ਕੋਲ ਹੀ ਹਸਪਤਾਲ ਵਿੱਚ ਮੌਜੂਦ ਸਨ।



ਪੰਜ ਦਹਾਕਿਆਂ ਵਿੱਚ ਭਾਵੇਂ ਮਾਈਕਲ ਨੇ ਕੋਈ ਵੀ ਭੂਮਿਕਾ ਨਿਭਾਈ ਹੋਵੇ ਹਮੇਸ਼ਾਂ ਉਨ੍ਹਾਂ ਦੀ ਡੂੰਘੀ ਆਵਾਜ਼ ਤੋਂ ਉਨ੍ਹਾਂ ਦੀ ਪਛਾਣ ਹੋ ਜਾਂਦੀ ਸੀ। 2002 ਵਿੱਚ ਹੈਰੀ ਪੌਟਰ ਵਿੱਚ ਡੰਬਲਡੋਰ ਦੀ ਭੂਮਿਕਾ ਨਿਭਾਉਣ ਵਾਲੇ ਰਿਚਰਡ ਹੈਰਿਸ ਦੀ ਮੌਤ ਹੋ ਜਾਣ ਤੋਂ ਬਾਅਦ ਮਾਈਕਲ ਵੱਲੋਂ ਹੀ ਡੰਬਲਡੋਰ ਦੀ ਭੂਮਿਕਾ ਨਿਭਾਈ ਜਾਂਦੀ ਰਹੀ। ਉਨ੍ਹਾਂ ਇੱਕ ਵਾਰੀ ਮੰਨਿਆ ਸੀ ਕਿ ਉਨ੍ਹਾਂ ਕਦੇ ਵੀ ਜੇ ਕੇ ਰਾਉਲਿੰਗ ਦੀ ਕੋਈ ਵੀ ਬੈਸਟ ਸੈਲਿੰਗ ਬੁੱਕ ਨਹੀਂ ਪੜ੍ਹੀ ਹੈ।

ਆਇਰਲੈਂਡ ਵਿੱਚ 19 ਅਕਤੂਬਰ, 1940 ਨੂੰ ਪੈਦਾ ਹੋਏ ਗੈਂਬਡਨ ਦੀ ਪਰਵਰਿਸ਼ ਲੰਡਨ ਵਿੱਚ ਹੀ ਹੋਈ ਤੇ ਉਹ ਪੇਸ਼ੇ ਵਜੋਂ ਇੰਜੀਨੀਅਰ ਸਨ। ਉਨ੍ਹਾਂ ਆਪਣਾ ਥਿਏਟਰ ਡੈਬਿਊ ਡਬਲਿਨ ਵਿੱਚ ਓਥੈਲੋ ਤੋਂ ਕੀਤਾ।

## ਸ਼ਾਮਜੀ ਨੇ ਲਿਬਰਲ ਲੀਡਰਸ਼ਿਪ ਦੌੜ ਤੋਂ ਬਾਹਰ ਹੋਣ ਦਾ ਕੀਤਾ ਐਲਾਨ



ਓਨਟਾਰੀਓ, 28 ਸਤੰਬਰ (ਪੋਸਟ ਬਿਊਰੋ) : ਓਨਟਾਰੀਓ ਲਿਬਰਲ ਲੀਡਰਸ਼ਿਪ ਦਾ ਮੁਕਾਬਲਾ ਹੁਣ ਸਿਰਫ ਚਾਰ ਉਮੀਦਵਾਰਾਂ ਵਿੱਚ ਹੀ ਰਹਿ ਗਿਆ ਹੈ।

ਵੀਰਵਾਰ ਰਾਤ ਨੂੰ ਆਦਿਲ ਸ਼ਾਮਜੀ ਨੇ ਇਸ ਦੌੜ ਵਿੱਚੋਂ ਪਾਸੇ ਹੋਣ ਦਾ ਐਲਾਨ ਕੀਤਾ ਤੇ ਆਖਿਆ ਕਿ ਉਹ ਆਪਣਾ ਸਮਰਥਨ ਬੌਨੀ ਕ੍ਰੌਂਬੀ ਨੂੰ ਦੇਣਗੇ। ਸ਼ਾਮਜੀ, ਜੋ ਕਿ ਡੌਨ ਵੈਲੀ ਈਸਟ ਤੋਂ ਐਮਪੀਪੀ ਹਨ, ਨੇ ਇੱਕ ਬਿਆਨ ਜਾਰੀ ਕਰਕੇ ਆਖਿਆ ਕਿ ਉਨ੍ਹਾਂ ਨੂੰ ਇਹ ਅਹਿਸਾਸ ਹੋਇਆ ਕਿ ਉਹ ਜਿੱਤ ਨਹੀਂ ਸਕਣਗੇ, ਇਸੇ ਲਈ ਉਨ੍ਹਾਂ ਇਸ ਦੌੜ ਵਿੱਚੋਂ ਪਾਸੇ ਹੋਣ ਦਾ ਤੇ ਮਿਸੀਸਾਗਾ ਦੀ ਮੇਅਰ ਨੂੰ ਸਮਰਥਨ ਦੇਣ ਦਾ ਫੈਸਲਾ ਕੀਤਾ।

ਉਨ੍ਹਾਂ ਆਖਿਆ ਕਿ ਉਹ ਵੱਖਰੇ ਢੰਗ ਨਾਲ ਆਪਣੀ ਕੈਂਪੇਨ ਜਾਰੀ ਰੱਖਣਗੇ। ਉਹ ਹੈਲਥਕੇਅਰ, ਹਾਊਸਿੰਗ, ਐਜੂਕੇਸ਼ਨ ਤੇ ਐਨਵਾਇਰਮੈਂਟ ਲਈ ਲੜਨਾ ਜਾਰੀ ਰੱਖਣਗੇ ਤੇ ਇਹ ਸਾਰਾ ਕੁੱਝ ਕ੍ਰੌਂਬੀ ਤੇ ਉਨ੍ਹਾਂ ਦੀ ਟੀਮ ਨਾਲ ਰਲ ਕੇ ਹੋਵੇਗਾ। ਸ਼ਾਮਜੀ ਨੇ ਆਖਿਆ ਕਿ ਕ੍ਰੌਂਬੀ ਕੋਲ ਕਾਫੀ ਤਜਰਬਾ ਹੈ ਤੇ ਓਨਟਾਰੀਓ ਵਾਸੀਆਂ ਵਿੱਚ ਭਰੋਸਾ ਪੈਦਾ ਕਰਨ ਦੀ ਵੀ ਸਮਰੱਥਾ ਹੈ। ਇਸ ਮਹੀਨੇ ਦੇ ਸ਼ੁਰੂ ਵਿੱਚ ਕ੍ਰੌਂਬੀ ਨੇ ਐਲਾਨ ਕੀਤਾ ਸੀ ਕਿ ਉਹ ਆਪਣੀਆਂ ਮਿਊਂਸਪਲ ਡਿਊਟੀਜ਼ ਤ'' ਬਿਨਾਂ ਤਨਖਾਹ ਛੁੱਟੀ ਲੈ ਰਹੀ ਹੈ ਤੇ ਅਜਿਹਾ ਲਿਬਰਲ ਲੀਡਰ ਦੀ ਦੌੜ ਉੱਤੇ ਧਿਆਨ ਕੇਂਦਰਿਤ ਕਰਨ ਲਈ ਕੀਤਾ ਜਾ ਰਿਹਾ ਹੈ।

## ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ 10 ਸਾਲਾ ਲੜਕਾ ਗੰਭੀਰ ਜ਼ਖ਼ਮੀ

ਓਨਟਾਰੀਓ, 28 ਸਤੰਬਰ (ਪੋਸਟ ਬਿਊਰੋ) : ਸ਼ਹਿਰ ਦੇ ਪੂਰਬੀ ਸਿਰੇ ਉੱਤੇ ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ ਇੱਕ 10 ਸਾਲਾ ਲੜਕਾ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।



ਪੁਲਿਸ ਨੇ ਦੱਸਿਆ ਕਿ ਵੀਰਵਾਰ ਸ਼ਾਮੀਂ 6:30 ਵਜੇ ਤੋਂ ਪਹਿਲਾਂ ਇਹ ਲੜਕਾ ਕੌਕਸਵੈੱਲ ਐਵਨਿਊ ਤੇ ਈਸਟਵੁੱਡ ਰੋਡ ਏਰੀਆ ਵਿੱਚ ਜ਼ਖ਼ਮੀ ਹੋਇਆ। ਉਸ ਨੂੰ ਗੰਭੀਰ ਪਰ ਸਥਿਰ ਹਾਲਤ ਵਿੱਚ ਐਮਰਜੰਸੀ ਰੰਨ ਰਾਹੀਂ ਸਿੱਕ ਕਿੱਡਜ਼ ਹਸਪਤਾਲ ਲਿਜਾਇਆ ਗਿਆ ਜਿੱਥੇ ਉਸ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਜਾਂਦੀ ਹੈ। ਮੌਕੇ ਉੱਤੇ ਮੌਜੂਦ ਇੱਕ ਚਸ਼ਮਦੀਦ ਨੇ ਦੱਸਿਆ ਕਿ ਬੱਚੇ ਦਾ ਗੁੱਟ, ਗਿੱਟਾ ਤੇ ਪੈਲਵਿਸ ਟੁੱਟ ਜਾਣ ਕਾਰਨ ਉਸ ਦਾ ਐਮਰਜੰਸੀ ਆਪਰੇਸ਼ਨ ਕੀਤਾ ਗਿਆ।

ਪੁਲਿਸ ਨੇ ਦੱਸਿਆ ਕਿ ਜਾਂਚ ਲਈ ਵ੍ਹੀਕਲ ਦਾ ਡਰਾਈਵਰ ਮੌਕੇ ਉੱਤੇ ਹੀ ਮੌਜੂਦ ਰਿਹਾ। ਇਹ ਘਟਨਾ ਵਾਅਨ ਵਿੱਚ ਵਾਪਰੀ ਉਸ ਘਟਨਾ ਤੋਂ ਇੱਕ ਦਿਨ ਬਾਅਦ ਵਾਪਰੀ ਜਦੋਂ ਸੜਕ ਉੱਤੇ ਇੱਕ 9 ਸਾਲਾ ਬੱਚੀ ਦੇ ਖੇਡਦੇ ਸਮੇਂ ਡਲਿਵਰੀ ਵੈਨ ਵੱਲੋਂ ਉਸ ਨੂੰ ਟੱਕਰ ਮਾਰ ਦਿੱਤੀ ਗਈ ਤੇ ਉਸ ਦੀ ਮੌਤ ਹੋ ਗਈ।

## ਬਹੁਮੰਜ਼ਿਲਾ ਇਮਾਰਤ ਵਿੱਚ ਲੱਗੀ ਅੱਗ, ਇੱਕ ਜ਼ਖ਼ਮੀ

ਸਕਾਰਬਰੋ, 28 ਸਤੰਬਰ (ਪੋਸਟ ਬਿਊਰੋ) : ਸਕਾਰਬਰੋ ਵਿੱਚ ਇੱਕ ਬਹੁਮੰਜ਼ਿਲਾ ਇਮਾਰਤ ਵਿੱਚ ਲੱਗੀ ਅੱਗ ਕਾਰਨ ਇੱਕ ਵਿਅਕਤੀ ਇਮਾਰਤ ਵਿੱਚ ਹੀ ਫਸ ਗਿਆ। ਫਾਇਰ ਵਰਕਰਜ਼ ਵੱਲੋਂ ਬੜੀ ਮੁਸ਼ਕਲ ਨਾਲ ਉਸ ਨੂੰ ਬਚਾਇਆ ਗਿਆ।



ਅੱਗ ਵੀਰਵਾਰ ਨੂੰ ਤੜ੍ਹਕੇ 1:30 ਵਜੇ ਦੇ ਨੇੜੇ ਤੇੜੇ ਨੀਲਸਨ ਰੋਡ ਨੇੜੇ ਮੈਕਲੈਵਿਨ ਐਵਨਿਊ ਉੱਤੇ ਸਥਿਤ ਇਲਾਕੇ ਵਿੱਚ ਮੌਜੂਦ ਬਿਲਡਿੰਗ ਵਿੱਚ ਲੱਗੀ। ਅਧਿਕਾਰੀਆਂ ਦਾ ਕਹਿਣਾ ਹੈ ਕਿ ਅੱਗ ਬਿਲਡਿੰਗ ਦੀ 9ਵੀਂ ਮੰਜ਼ਿਲ ਉੱਤੇ ਲੱਗੀ ਤੇ ਇੱਥੇ ਇੱਕ ਵਿਅਕਤੀ ਦੇ ਫਸ ਜਾਣ ਤੋਂ ਬਾਅਦ ਉਸ ਨੂੰ ਬਚਾਅ ਲਿਆ ਗਿਆ। ਮਾਮੂਲੀ ਜ਼ਖ਼ਮੀ ਹਾਲਤ ਵਿੱਚ ਇਸ ਵਿਅਕਤੀ ਨੂੰ ਹਸਪਤਾਲ ਲਿਜਾਇਆ ਗਿਆ। ਕਈ ਹੋਰਨਾਂ ਨੂੰ ਵੀ ਸੁਰੱਖਿਅਤ ਥਾਂਵਾਂ ਉੱਤੇ ਪਹੁੰਚਾਇਆ ਗਿਆ। ਪਰ ਕਿਸੇ ਦੇ ਜ਼ਖ਼ਮੀ ਹੋਣ ਦੀ ਖਬਰ ਨਹੀਂ ਹੈ। ਟੋਰਾਂਟੋ ਫਾਇਰ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਅੱਗ ਉੱਤੇ ਸਵੇਰੇ 5:00 ਵਜੇ ਤੱਕ ਕਾਬੂ ਪਾ ਲਿਆ ਗਿਆ ਪਰ ਬਿਲਡਿੰਗ ਵਿੱਚ ਭਾਰੀ ਧੂੰਆਂ ਅਜੇ ਵੀ ਬਣਿਆ ਹੋਇਆ ਸੀ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

Allstate. You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca
Trademark used under licence by Allstate Insurance Company. 232374 | 6-23

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licensed Exterminator

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

MagGas Medical Brampton
MGM
MAGGAS MEDICAL INC.
Helping you breathe deep and rest easy.
•CPAP machines, masks and supplies
•Free consultations
•30 day mask exchange
•Free deliveries
(647) 954-9885
20 Maritime Ont Blvd Unit 15
Brampton, ON L6S 0C2

SUPER VISA
INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
(Government Approved Licensed Technician)
416 938 4598

INSURANCE
○Home ○Auto
○Business ○Trucking
○Life Insurance ○Commercial
647-206-2452
Sukhwinder K Singh
CONNEX
7050A Bramalea Rd, Unit # 13, Mississauga, ON L5S 1T1

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Broker
Aaxel InsuranceBrokers Ltd.
1332 Khalsa Dr, Unit # 11,

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration Real Estate
Family Law Business Closing
Corporate Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਫਾਈਜ਼ਰ ਦੀ ਨਵੀਂ ਵੈਕਸੀਨ ਨੂੰ ਹੈਲਥ ਕੈਨੇਡਾ ਨੇ ਦਿੱਤੀ ਮਨਜ਼ੂਰੀ

ਓਟਵਾ, 28 ਸਤੰਬਰ (ਪੋਸਟ ਬਿਊਰੋ) : ਹੈਲਥ ਕੈਨੇਡਾ ਵੱਲੋਂ ਓਮਾਇਕ੍ਰੌਨ ਦੇ ਸਬਵੇਰੀਐਂਟ ਨੂੰ ਖ਼ਤਮ ਕਰਨ ਲਈ ਤਿਆਰ ਕੀਤੀ ਗਈ ਫਾਈਜ਼ਰ-ਬਾਇਓਐਨਟੈਕ ਦੀ ਕੋਮੀਰਨੈਟੀ ਵੈਕਸੀਨ ਦੀ ਵਰਤੋਂ ਨੂੰ ਹਰੀ ਝੰਡੀ ਦੇ ਦਿੱਤੀ ਗਈ ਹੈ। ਇਹ ਵੈਕਸੀਨ ਛੇ ਮਹੀਨੇ ਦੇ ਬੱਚੇ ਤੋਂ ਲੈ ਕੇ ਇਸ ਤੋਂ ਵੱਧ ਉਮਰ ਦੇ ਲੋਕਾਂ ਨੂੰ ਲਾਈ ਜਾ ਸਕੇਗੀ।



ਫੈਡਰਲ ਏਜੰਸੀ ਨੇ ਐਮਆਰਐਨਏ ਦੀ ਵੈਕਸੀਨ ਨੂੰ ਵੀਰਵਾਰ ਨੂੰ ਮਨਜ਼ੂਰੀ ਦਿੱਤੀ। ਇਹ ਵੈਕਸੀਨ ਓਮਾਇਕ੍ਰੌਨ ਵੇਰੀਐਂਟ ਦੇ ਐਕਸਬੀਬੀ.1.5 ਸਟਰੇਨ ਨੂੰ ਨਿਸ਼ਾਨਾ ਬਣਾਉਣ ਲਈ ਤਿਆਰ ਕੀਤੀ ਗਈ ਹੈ। ਹੈਲਥ ਕੈਨੇਡਾ ਨੂੰ 29 ਜੂਨ, 2023 ਨੂੰ ਫਾਈਜ਼ਰ-ਬਾਇਓਐਨਟੈਕ ਵੱਲੋਂ ਇਸ ਵੈਕਸੀਨ ਦੀ ਜਾਂਚ ਲਈ ਸਬਮਿਸ਼ਨ ਕਰਵਾਈ ਗਈ ਸੀ।

ਫੈਡਰਲ ਏਜੰਸੀ ਨੇ ਆਪਣੀ ਵੈੱਬਸਾਈਟ ਉੱਤੇ ਆਖਿਆ ਕਿ ਇਸ ਵੈਕਸੀਨ ਦਾ ਆਜ਼ਾਦਾਨਾ ਮੁਲਾਂਕਣ ਕਰਵਾਉਣ ਤੋਂ ਬਾਅਦ ਹੈਲਥ ਕੈਨੇਡਾ ਯਕੀਨਨ ਇਹ ਆਖ ਸਕਦਾ ਹੈ ਕਿ ਇਹ ਵੈਕਸੀਨ ਸਾਡੇ ਸਾਰੇ ਸੇਫਟੀ ਤੇ ਕੁਆਲਟੀ ਟੈਸਟਸ ਉਤੇ ਖਰੀ ਉਤਰੀ ਹੈ। ਸਬਵੇਰੀਐਂਟ ਨੂੰ ਖ਼ਤਮ ਕਰਨ ਲਈ ਇਹ ਦੂਜੀ ਵੈਕਸੀਨ ਹੈ ਜਿਸ ਨੂੰ ਹੈਲਥ ਕੈਨੇਡਾ ਵੱਲੋਂ ਮਨਜ਼ੂਰੀ ਦਿੱਤੀ ਗਈ ਹੈ। ਇਸ ਮਹੀਨੇ ਦੇ ਸ਼ੁਰੂ ਵਿੱਚ ਹੈਲਥ ਕੈਨੇਡਾ ਵੱਲੋਂ ਮੌਡਰਨਾ ਦੀ ਨਵੀਂ ਸਪਾਈਕਵੈਕਸ ਵੈਕਸੀਨ ਨੂੰ ਮਨਜ਼ੂਰੀ ਦਿੱਤੀ ਗਈ ਸੀ।

## ਅਮਰੀਕੀ ਐਸਟਰੋਨਾਟ 371 ਦਿਨ ਮਗਰੋਂ ਪੁਲਾੜ ਤੋਂ ਆਏ ਵਾਪਿਸ, ਤੋੜਿਆ ਪਿਛਲਾ ਰਿਕਾਰਡ

ਵਾਸ਼ਿੰਗਟਨ, 28 ਸਤੰਬਰ (ਪੋਸਟ ਬਿਊਰੋ): ਅਮਰੀਕੀ ਪੁਲਾੜ ਯਾਤਰੀ 371 ਦਿਨ ਪੁਲਾੜ ਵਿਚ ਬਿਤਾਉਣ ਤੋਂ ਬਾਅਦ ਧਰਤੀ ’ਤੇ ਪਰਤ ਆਏ ਹਨ। ਅਮਰੀਕੀ ਪੁਲਾੜ ਯਾਤਰੀ ਫ੍ਰੈਂਕ ਰੂਬੀਓ ਨੂੰ ਕਜ਼ਾਕਿਸਤਾਨ ਦੇ ਦੂਰ-ਦੁਰਾਡੇ ਇਲਾਕੇ ਵਿਚ ਸੋਯੂਜ਼ ਕੈਪਸੂਲ ਵਿਚ ਉਤਾਰਿਆ ਗਿਆ। ਉਸ ਦੇ ਨਾਲ ਰੂਸੀ ਪੁਲਾੜ ਯਾਤਰੀ ਸਰਗੇਈ ਪ੍ਰੋਕੋਪਯੇਵ ਅਤੇ ਦਮਿਤਰੀ ਪੇਟਲਿਨ ਵੀ ਪੁਲਾੜ ਤੋਂ ਪਰਤ ਆਏ ਹਨ। ਰੂਬੀਓ ਪੁਲਾੜ ਵਿੱਚ ਸਭ ਤੋਂ ਲੰਬੇ ਸਮੇਂ ਤੱਕ ਰਹਿਣ ਵਾਲੇ ਅਮਰੀਕੀ ਪੁਲਾੜ ਯਾਤਰੀ ਬਣ ਗਏ ਹਨ।



ਉਨ੍ਹਾਂ ਨੇ ਇਹ ਰਿਕਾਰਡ 11 ਸਤੰਬਰ ਨੂੰ ਬਣਾਇਆ ਸੀ। ਉਹ 371 ਦਿਨ ਪੁਲਾੜ ਵਿੱਚ ਰਹੇ। ਇਸ ਤੋਂ ਪਹਿਲਾਂ ਅਮਰੀਕੀ ਪੁਲਾੜ ਯਾਤਰੀ ਮਾਰਕ ਵੈਂਡੇ ਹੀ ਨੇ ਸਾਲ 2022 ‘ਚ 355 ਦਿਨ ਦਾ ਰਿਕਾਰਡ ਬਣਾਇਆ ਸੀ। ਹਾਲਾਂਕਿ ਹੁਣ ਤੱਕ ਪੁਲਾੜ ‘ਚ ਸਭ ਤੋਂ ਜ਼ਿਆਦਾ ਸਮਾਂ ਬਿਤਾਉਣ ਦਾ ਰਿਕਾਰਡ ਰੂਸੀ ਪੁਲਾੜ ਯਾਤਰੀ ਵੈਲੇਰੀ ਪੋਲਿਆਕੋਵ ਦੇ ਨਾਂ ਹੈ, ਜਿਨ੍ਹਾਂ ਨੇ 437 ਦਿਨ ਬਿਤਾਏ ਸਨ।

ਫ੍ਰੈਂਕ ਰੂਬੀਓ ਨੇ ਪੁਲਾੜ ਵਿੱਚ ਪੰਜ ਹਜ਼ਾਰ ਤੋਂ ਵੱਧ ਵਾਰ ਧਰਤੀ ਦਾ ਚੱਕਰ ਲਗਾਇਆ। ਉਸਨੇ 15 ਕਰੋੜ 74 ਲੱਖ ਮੀਲ ਦਾ ਸਫ਼ਰ ਤੈਅ ਕੀਤਾ। ਫ੍ਰੈਂਕ ਰੂਬੀਓ ਅਮਰੀਕੀ ਪੁਲਾੜ ਯਾਤਰੀ ਬਣ ਗਿਆ ਹੈ ਜਿਸ ਨੇ ਪੁਲਾੜ ਵਿੱਚ ਸਭ ਤੋਂ ਵੱਧ ਦਿਨ ਬਿਤਾਏ ਹਨ, ਹਾਲਾਂਕਿ ਉਹ ਸਮੁੱਚੇ ਤੌਰ ‘ਤੇ ਤੀਜੇ ਸਥਾਨ ‘ਤੇ ਹੈ। ਰੂਸੀ ਪੁਲਾੜ ਯਾਤਰੀ ਵੈਲੇਰੀ ਪੋਲੀਆਕੋਵ ਪਹਿਲੇ ਨੰਬਰ ‘ਤੇ ਹਨ। ਜਿਸ ਨੇ ਪੁਲਾੜ ਵਿੱਚ 437 ਦਿਨ ਬਿਤਾਏ। ਅਮਰੀਕੀ ਪੁਲਾੜ ਏਜੰਸੀ ਨਾਸਾ ਦੇ ਪੁਲਾੜ ਯਾਨ ਨੇ 7 ਸਾਲ ਬਾਅਦ ਗ੍ਰਹਿ ਬੇਨੂ ਤੋਂ ਇਕੱਠੇ ਕੀਤੇ ਨਮੂਨੇ ਨੂੰ ਧਰਤੀ ’ਤੇ ਵਾਪਿਸ ਕਰ ਦਿੱਤਾ ਹੈ।

ਪੁਲਾੜ ਤੋਂ ਪਰਤਣ ਤੋਂ ਬਾਅਦ ਰੂਬੀਓ ਨੇ ਕਿਹਾ ਕਿ ਜੇਕਰ ਉਨ੍ਹਾਂ ਨੂੰ ਪਤਾ ਹੁੰਦਾ ਕਿ ਉਨ੍ਹਾਂ ਨੂੰ ਇਕ ਸਾਲ ਤੱਕ ਪੁਲਾੜ ‘ਚ ਰਹਿਣਾ ਪਵੇਗਾ ਤਾਂ ਉਹ ਕਦੇ ਵੀ ਮਿਸ਼ਨ ‘ਤੇ ਨਾ ਜਾਂਦੇ। ਦਰਅਸਲ, ਫਰੈਂਕ ਰੂਬੀਓ ਨੂੰ 180 ਦਿਨਾਂ ਲਈ ਪੁਲਾੜ ਮਿਸ਼ਨ ‘ਤੇ ਭੇਜਿਆ ਗਿਆ ਸੀ, ਪਰ ਉਨ੍ਹਾਂ ਦਾ ਪੁਲਾੜ ਯਾਨ ਕਬਾੜ ਨਾਲ ਟਕਰਾ ਗਿਆ। ਇਸ ਕਾਰਨ ਵਾਹਨਾਂ ਦਾ ਕੂਲਿੰਗ ਸਿਸਟਮ ਖਰਾਬ ਹੋ ਗਿਆ। ਇਸ ਕਾਰਨ ਅਮਰੀਕੀ ਪੁਲਾੜ ਯਾਤਰੀ ਨੂੰ ਲੰਬਾ ਸਮਾਂ ਰੁਕਣਾ ਪਿਆ।

## ਮਣੀਪੁਰ ਵਿਚ ਹਿੰਸਕ ਪ੍ਰਦਰਸ਼ਨ ਜਾਰੀ, ਪ੍ਰਦਰਸ਼ਨਕਾਰੀਆਂ ਨੇ ਕੀਤੀ ਡੀ.ਸੀ. ਦਫ਼ਤਰ ਵਿਚ ਭੰਨ-ਤੋੜ

ਇੰਫਾਲ, 28 ਸਤੰਬਰ (ਪੋਸਟ ਬਿਊਰੋ): ਮਣੀਪੁਰ ਵਿਚ ਦੋ ਵਿਦਿਆਰਥੀਆਂ ਦੀ ਮੌਤ ਨੂੰ ਲੈ ਕੇ ਵੀਰਵਾਰ ਸਵੇਰੇ ਵੀ ਹਿੰਸਕ ਪ੍ਰਦਰਸ਼ਨ ਜਾਰੀ ਰਿਹਾ ਅਤੇ ਇੰਫਾਲ ਵੈਸਟ ਵਿਚ ਹਿੰਸਕ ਭੀੜ ਨੇ ਡਿਪਟੀ ਕਮਿਸ਼ਨ (ਡੀ. ਸੀ.) ਦਫ਼ਤਰ 'ਚ ਭੰਨ-ਤੋੜ ਕੀਤੀ ਅਤੇ ਦੋ ਵਾਹਨਾਂ ਵਿਚ ਅੱਗ ਲਾ ਦਿੱਤੀ। ਅਧਿਕਾਰੀਆਂ ਨੇ ਦੱਸਿਆ ਕਿ ਬੀਤੇ ਰਾਤ ਉਰੀਪੋਕ, ਯੈਸਕੁਲ, ਸਗੋਲਬੰਦ ਅਤੇ ਟੇਕਾ ਇਲਾਕਿਆਂ 'ਚ ਪ੍ਰਦਰਸ਼ਨਕਾਰੀਆਂ ਦੀ ਸੁਰੱਖਿਆ ਦਸਤਿਆਂ ਨਾਲ ਝੜਪ ਹੋਈ, ਜਿਸ ਕਾਰਨ ਸੁਰੱਖਿਆ ਦਸਤਿਆਂ ਨੂੰ ਸਥਿਤੀ 'ਤੇ ਕਾਬੂ ਪਾਉਣ ਲਈ ਹੰਝੂ ਗੈਸ ਦੇ ਕਈ ਗੋਲੇ ਛੱਡਣੇ ਪਏ। ਉਨ੍ਹਾਂ ਦੱਸਿਆ ਕਿ ਪ੍ਰਦਰਸ਼ਨਕਾਰੀਆਂ ਨੇ ਸੁਰੱਖਿਆ ਦਸਤਿਆਂ ਨੂੰ ਰਿਹਾਇਸ਼ੀ ਇਲਾਕਿਆਂ 'ਚ ਐਂਟਰ ਕਰਨ ਤੋਂ ਰੋਕਣ ਲਈ ਟਾਇਰ ਸਾੜ ਕੇ ਸੜਕਾਂ ਨੂੰ ਠੱਪ ਕਰ ਦਿੱਤਾ। ਉਨ੍ਹਾਂ ਨੇ ਦੱਸਿਆ ਕਿ ਭੀੜ ਨੇ ਡੀ. ਸੀ. ਦਫ਼ਤਰ ਵਿਚ ਭੰਨ-ਤੋੜ ਕੀਤੀ ਅਤੇ ਦੋ ਚਾਰ ਪਹੀਆ ਵਾਹਨਾਂ ਨੂੰ ਫੂਕ ਦਿੱਤਾ।

ਦਰਅਸਲ ਮਣੀਪੁਰ 'ਚ ਵਿਦਿਆਰਥੀਆਂ ਦੀ ਅਗਵਾਈ ਵਿਚ ਇਹ ਹਿੰਸਾ ਮੰਗਲਵਾਰ ਨੂੰ ਉਦੋਂ ਸ਼ੁਰੂ ਹੋਈ, ਜਦੋਂ ਜੁਲਾਈ ਵਿਚ ਲਾਪਤਾ ਹੋਏ ਇਕ ਲੜਕੇ ਅਤੇ ਲੜਕੀ ਦੀਆਂ ਲਾਸ਼ਾਂ ਦੀਆਂ ਤਸਵੀਰਾਂ ਸੋਸ਼ਲ ਮੀਡੀਆ 'ਤੇ ਵਾਇਰਲ ਹੋਈਆਂ।

ਕੇਂਦਰੀ ਰਿਜ਼ਰਵ ਪੁਲਸ ਫੋਰਸ (ਸੀ. ਆਰ. ਪੀ. ਐੱਫ.) ਦੇ ਜਵਾਨਾਂ ਨੇ ਸਥਿਤੀ ਨੂੰ ਕਾਬੂ ਕੀਤਾ। ਇੰਫਾਲ ਈਸਟ ਅਤੇ ਇੰਫਾਲ ਵੈਸਟ ਜ਼ਿਲ੍ਹਿਆਂ 'ਚ ਸੁਰੱਖਿਆ ਦਸਤਿਆਂ ਦੇ ਹਿੰਸਕ ਪ੍ਰਦਰਸ਼ਨਾਂ ਨਾਲ ਨਜਿੱਠਣ ਦਰਮਿਆਨ ਕਰਫਿਊ ਫਿਰ ਤੋਂ ਲਾ ਦਿੱਤਾ ਗਿਆ। ਮਣੀਪੁਰ ਪੁਲਸ ਨੇ ਇਕ ਬਿਆਨ 'ਚ ਕਿਹਾ ਕਿ ਭੀੜ ਨੇ ਇਕ ਪੁਲਸ ਵਾਹਨ ਨੂੰ ਨਿਸ਼ਾਨਾ ਬਣਾਇਆ ਅਤੇ ਉਸ 'ਚ ਅੱਗ ਲਾ ਦਿੱਤੀ, ਜਦਕਿ ਇਕ ਪੁਲਸ ਮੁਲਾਜ਼ਮ ਨਾਲ ਕੁੱਟਮਾਰ ਕੀਤੀ ਅਤੇ ਉਸ ਦਾ ਹਥਿਆਰ ਖੋਹ ਲਿਆ। ਉਨ੍ਹਾਂ ਕਿਹਾ ਕਿ ਅਜਿਹੇ ਅਪਰਾਧ 'ਚ ਸ਼ਾਮਲ ਲੋਕਾਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਮਣੀਪੁਰ ਦੇ ਬਾਲ ਅਧਿਕਾਰਾਂ ਦੀ ਸੁਰੱਖਿਆ ਲਈ ਕਮਿਸ਼ਨ ਨੇ ਸੁਰੱਖਿਆ ਦਸਤਿਆਂ ਨੂੰ ਬੇਨਤੀ ਕੀਤੀ ਹੈ ਕਿ ਉਹ ਕਿਸ਼ੋਰਾਂ 'ਤੇ 'ਮਨਮਾਨੇ ਢੰਗ ਨਾਲ' ਲਾਠੀਚਾਰਜ, ਹੰਝੂ ਗੈਸ ਦੇ ਗੋਲੇ ਅਤੇ ਰਬੜ ਦੀਆਂ ਗੋਲੀਆਂ ਨਾ ਚਲਾਉਣ।

## ਅੱਜ ਨਾਮਾ

ਮਨੀਪੁਰ ਵਿੱਚ ਹਾਲਾਤ ਜਿਹੇ ਫੇਰ ਵਿਗੜੇ,
ਸੜਕਾਂ ਉੱਪਰ ਆ ਮੌਤ ਰਹੀ ਨੱਚ ਮੀਆਂ।
ਛੋਟੀ ਗਿਣਤੀ ਨੂੰ ਕੁੱਟ ਰਹੀ ਬਹੁ-ਗਿਣਤੀ,
ਮੰਨਣਾ ਸੌਖਾ ਨਹੀਂ ਖਬਰਾਂ ਦਾ ਸੱਚ ਮੀਆਂ।
ਮੀਡੀਆ ਪੁੱਛੇ ਤਾਂ ਪੀੜਤ ਨਾ ਬੋਲ ਸਕਦੇ,
ਰੁਕ ਜਾਏ ਜੀਭ ਤੇ ਭਰੇ ਪਏ ਗੱਚ ਮੀਆਂ।
ਲਾਸ਼ਾਂ ਰੁਲਦੀਆਂ ਸੰਸਕਾਰ ਤੋਂ ਬਿਨਾਂ ਜਿੱਥੇ,
ਰਿਹਾਇਸ਼ੀ ਕੁੱਲੇਸਭ ਰਹੇ ਆ ਮੱਚ ਮੀਆਂ।
ਬਣਦਾ ਫਿਕਰ ਨਹੀਂ ਰਾਜ ਸਰਕਾਰ ਕਰਦੀ,
ਕੀਤਾ ਏ ਕੇਂਦਰ ਦੀ ਨਹੀਂ ਸਰਕਾਰ ਮੀਆਂ।
ਸੀਜ਼ਨ ਸਰਦੀ ਦਾ ਆਇਆ ਹੈ ਸਿਰ ਉੱਤੇ,
ਮਰਦਿਆਂ ਪਿਆ ਨੂੰ ਠੰਢ ਦਊ ਮਾਰ ਮੀਆਂ।

ਤੀਸ ਮਾਰ ਖਾਂ





















# ਨੀਦਰਲੈਂਡ ਦੇ ਰੋਟਰਡੈਮ ਸ਼ਹਿਰ ਵਿਚ 2 ਥਾਵਾਂ 'ਤੇ ਚੱਲੀ ਗੋਲੀ, 2 ਦੀ ਮੌਤ, ਮੌਤਾਂ ਦੀ ਗਿਣਤੀ ਵਧਣ ਦਾ ਸ਼ੱਕ





ਰੋਟਰਡੈਮ, 28 ਸਤੰਬਰ (ਪੋਸਟ ਬਿਊਰੋ): ਨੀਦਰਲੈਂਡ ਦੇ ਰੋਟਰਡਮ ਸ਼ਹਿਰ ਵਿਚ ਵੀਰਵਾਰ ਨੂੰ ਗੋਲੀਬਾਰੀ ਦੀਆਂ ਦੋ ਘਟਨਾਵਾਂ ਵਾਪਰੀਆਂ। ਜਾਣਕਾਰੀ ਮੁਤਾਬਕ ਪਹਿਲੀ ਘਟਨਾ ਯੂਨੀਵਰਸਿਟੀ ਹਸਪਤਾਲ (ਮੈਡੀਕਲ ਕਾਲਜ) ਵਿੱਚ ਵਾਪਰੀ ਅਤੇ ਦੂਜੀ ਘਟਨਾ ਇੱਕ ਘਰ ਵਿੱਚ ਵਾਪਰੀ। ਕਈ ਲੋਕਾਂ ਦੇ ਮਾਰੇ ਜਾਣ ਦੀ ਖਬਰ ਹੈ। ਹਾਲਾਂਕਿ ਪੁਲਿਸ ਨੇ ਫਿਲਹਾਲ 2 ਲੋਕਾਂ ਦੀ ਮੌਤ ਦੀ ਪੁਸ਼ਟੀ ਕੀਤੀ ਹੈ। ਮਰਨ ਵਾਲਿਆਂ ਦੀ ਗਿਣਤੀ ਵਧ ਸਕਦੀ ਹੈ।

ਪੁਲਸ ਮੁਤਾਬਕ ਫੌਜੀ ਵਰਦੀ ਪਹਿਨੇ ਇਕ ਵਿਅਕਤੀ ਨੇ ਯੂਨੀਵਰਸਿਟੀ ਹਸਪਤਾਲ ਦੇ ਕਲਾਸਰੂਮ ਵਿਚ ਬੰਦੂਕ ਨਾਲ ਗੋਲੀਬਾਰੀ ਕੀਤੀ। ਸ਼ੱਕੀ ਮੁਲਜ਼ਮ ਦੀ ਉਮਰ 32 ਸਾਲ ਦੱਸੀ ਜਾ ਰਹੀ ਹੈ। ਉਸ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਸਥਾਨਕ ਮੀਡੀਆ ਮੁਤਾਬਕ ਗੋਲੀਬਾਰੀ ਤੋਂ ਬਾਅਦ ਮੈਡੀਕਲ ਕਾਲਜ ਵਿਚ ਅੱਗ ਲੱਗ ਗਈ।

# ਯੂਰਪ ਬੰਗਲਾਦੇਸ਼ ਦੇ ਸਮੁੰਦਰੀ ਤੱਟਾਂ 'ਤੇ ਛੱਡ ਰਿਹਾ ਹੈ ਜ਼ਹਿਰੀਲੇ ਜਹਾਜ਼, 3 ਸਾਲਾਂ ਵਿੱਚ ਡੰਪ ਕੀਤੇ 520 ਜਹਾਜ਼



ਢਾਕਾ, 28 ਸਤੰਬਰ (ਪੋਸਟ ਬਿਊਰੋ): ਯੂਰਪ ਦੀਆਂ ਮਰੀਨਟਾਈਮ ਕੰਪਨੀਆਂ ਬੰਗਲਾਦੇਸ਼ ਦੇ ਬੀਚਾਂ 'ਤੇ ਪੁਰਾਣੇ ਜਹਾਜ਼ਾਂ ਨੂੰ ਡੰਪ ਕਰ ਰਹੀਆਂ ਹਨ। ਇਹ ਬਹੁਤ ਖਰਾਬ ਹਾਲਤ ਵਿੱਚ ਹਨ। ਇਨ੍ਹਾਂ ਕਾਰਨ ਪਾਣੀ ਦਾ ਪ੍ਰਦੂਸ਼ਣ ਵਧ ਰਿਹਾ ਹੈ ਅਤੇ ਇਹ ਲੋਕਾਂ ਲਈ ਖਤਰਨਾਕ ਵੀ ਸਾਬਤ ਹੋ ਰਹੇ ਹਨ। ਹਿਊਮਨ ਰਾਈਟਸ ਵਾਚ (ਐੱਚ.ਆਰ.ਡਬਲਯੂ.) ਦਾ ਕਹਿਣਾ ਹੈ ਕਿ ਇਹ ਜਹਾਜ਼ ਜ਼ਹਿਰ ਤੋਂ ਘੱਟ ਨਹੀਂ ਹਨ। ਉਨ੍ਹਾਂ ਦੀ ਹਾਲਤ ਇੰਨੀ ਮਾੜੀ ਹੈ ਕਿ ਉਨ੍ਹਾਂ ਨੂੰ ਸ਼ਿਪਯਾਰਡ ਵਿਚ ਲਿਜਾਣ ਵਾਲੇ ਅਤੇ ਉਨ੍ਹਾਂ ਦੇ ਹਿੱਸੇ ਵੱਖ ਕਰਨ ਵਾਲੇ ਮਜ਼ਦੂਰ ਮਰ ਰਹੇ ਹਨ।

ਅਲਜਜ਼ੀਰਾ ਦੀ ਰਿਪੋਰਟ ਮੁਤਾਬਕ ਓ.ਐੱਸ.ਐੱਚ.ਈ. ਫਾਊਂਡੇਸ਼ਨ ਚੈਰਿਟੀ ਦੇ ਡਾਇਰੈਕਟਰ ਰਿਪੁਨ ਚੌਧਰੀ ਦਾ ਕਹਿਣਾ ਹੈ ਕਿ ਬੰਗਲਾਦੇਸ਼ ਦੇ ਸਮੁੰਦਰੀ ਕੰਢੇ 'ਤੇ ਡੰਪ ਕੀਤੇ ਜਾਣ ਵਾਲੇ ਜਹਾਜ਼ ਵਿਚ ਅਜਬੇਸਟੋ ਨਾਮ ਦਾ ਖਣਿਜ ਹੁੰਦਾ ਹੈ। ਇਸ ਨਾਲ ਫੇਫੜਿਆਂ ਦਾ ਕੈਂਸਰ ਅਤੇ ਕਈ ਘਾਤਕ ਬੀਮਾਰੀਆਂ ਹੋ ਸਕਦੀਆਂ ਹਨ।

ਦੂਜੇ ਪਾਸੇ ਬੰਗਲਾਦੇਸ਼ ਦੀਆਂ ਸ਼ਿਪ ਬ੍ਰੇਕਿੰਗ ਕੰਪਨੀਆਂ ਮਜ਼ਦੂਰਾਂ ਦੀ ਸੁਰੱਖਿਆ ਲਈ ਕੋਈ ਕਦਮ ਨਹੀਂ ਚੁੱਕ ਰਹੀਆਂ।

ਬੰਗਲਾਦੇਸ਼ ਦੇ ਸੀਤਾਕੁੰਡ ਤੱਟ 'ਤੇ ਪੁਰਾਣੇ ਜਹਾਜ਼ਾਂ ਨੂੰ ਤੋੜਨ ਦਾ ਕੰਮ ਕੀਤਾ ਜਾਂਦਾ ਹੈ। ਇਹ ਦੁਨੀਆਂ ਦੇ ਸਭ ਤੋਂ ਵੱਡੇ ਸ਼ਿਪ ਬ੍ਰੇਕਿੰਗ ਯਾਰਡਾਂ ਵਿੱਚੋਂ ਇੱਕ ਹੈ। ਇੱਥੇ ਲੋਹੇ ਨੂੰ ਪਿਘਲਾ ਕੇ ਸਟੀਲ ਬਣਾਇਆ ਜਾਂਦਾ ਹੈ, ਜੋ ਕਾਫ਼ੀ ਸਸਤਾ ਹੁੰਦਾ ਹੈ। ਇਹ ਉਹ ਥਾਂ ਹੈ ਜਿੱਥੇ ਯੂਰਪੀਅਨ ਸਮੁੰਦਰੀ ਕੰਪਨੀਆਂ ਆਪਣੇ ਖਰਾਬ ਹੋਏ ਜਹਾਜ਼ਾਂ ਨੂੰ ਛੱਡ ਰਹੀਆਂ ਹਨ।

ਐੱਚ.ਆਰ.ਡਬਲਯੂ. ਅਨੁਸਾਰ, ਯੂਰਪੀਅਨ ਕੰਪਨੀਆਂ ਨੇ 2020 ਤੋਂ ਹੁਣ ਤੱਕ ਸੀਤਾਕੁੰਡਾ ਤੱਟ 'ਤੇ 520 ਜਹਾਜ਼ ਛੱਡੇ ਹਨ। ਇੱਥੇ ਹਜ਼ਾਰਾਂ ਕਾਮੇ ਬਿਨ੍ਹਾਂ ਸੁਰੱਖਿਆ ਗਿਅਰ ਦੇ ਇਨ੍ਹਾਂ ਜਹਾਜ਼ਾਂ ਨੂੰ ਤੋੜ ਦਿੰਦੇ ਹਨ। ਐੱਚ.ਆਰ.ਡਬਲਯੂ. ਖੋਜਕਰਤਾ ਜੂਲੀਆ ਬਲੈਕਨਰ ਦਾ ਕਹਿਣਾ ਹੈ ਕਿ ਜਹਾਜ਼ਾਂ ਨੂੰ ਯਾਰਡਾਂ ਵਿੱਚ ਸਕਰੈਪ ਵਿੱਚ ਤਬਦੀਲ ਕਰਨ ਵਾਲੀਆਂ ਬੰਗਲਾਦੇਸ਼ੀ ਕੰਪਨੀਆਂ ਲੋਕਾਂ ਦੀ ਜ਼ਿੰਦਗੀ ਅਤੇ ਵਾਤਾਵਰਣ ਦੀ ਪ੍ਰਵਾਹ ਕੀਤੇ ਬਿਨ੍ਹਾਂ ਸਿਰਫ ਲਾਭ ਬਾਰੇ ਸੋਚ ਰਹੀਆਂ ਹਨ।

# ਮਹਾਨ ਖੇਤੀ ਵਿਗਿਆਨੀ ਐੱਮ.ਐੱਸ.ਸਵਾਮੀਨਾਥਨ ਦਾ 98 ਸਾਲ ਦੀ ਉਮਰ ਵਿਚ ਦਿਹਾਂਤ



ਨਵੀਂ ਦਿੱਲ੍ਹੀ, 28 ਸਤੰਬਰ (ਪੋਸਟ ਬਿਊਰੋ): ਦੇਸ਼ ਵਿੱਚ ਹਰੀ ਕ੍ਰਾਂਤੀ ਦੇ ਪਿਤਾਮਾ ਵਜੋਂ ਜਾਣੇ ਜਾਂਦੇ ਮਹਾਨ ਖੇਤੀ ਵਿਗਿਆਨੀ ਐੱਮ.ਐੱਸ ਸਵਾਮੀਨਾਥਨ ਦਾ ਦਿਹਾਂਤ ਹੋ ਗਿਆ ਹੈ। ਹਰੀ ਕ੍ਰਾਂਤੀ ਕਾਰਨ ਕਈ ਸੂਬਿਆਂ ਵਿੱਚ ਖੇਤੀ ਉਤਪਾਦਾਂ ਵਿੱਚ ਵਾਧਾ ਹੋਇਆ ਸੀ। ਵਿਗਿਆਨੀ ਸਵਾਮੀਨਾਥਨ ਦੀ ਲੰਬੀ ਬੀਮਾਰੀ ਕਾਰਨ 98 ਸਾਲ ਦੀ ਉਮਰ ਵਿਚ ਦਿਹਾਂਤ ਹੋ ਗਿਆ। ਸਵਾਮੀਨਾਥਨ ਆਪਣੇ ਪਿੱਛੇ ਤਿੰਨ ਧੀਆਂ ਛੱਡ ਗਏ ਹਨ।

ਸਵਾਮੀਨਾਥਨ ਨੇ ਦੇਸ਼ ਵਿੱਚ ਝੋਨੇ ਦੀ ਫ਼ਸਲ ਨੂੰ ਉਤਸ਼ਾਹਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਉਨ੍ਹਾਂ ਨੇ ਝੋਨੇ ਦੀਆਂ ਵੱਧ ਝਾੜ ਦੇਣ ਵਾਲੀਆਂ ਕਿਸਮਾਂ ਵਿਕਸਿਤ ਕਰਨ ਵਿੱਚ ਵੱਡਾ ਯੋਗਦਾਨ ਪਾਇਆ। ਇਸ ਉਪਰਾਲੇ ਕਾਰਨ ਪੰਜਾਬ, ਹਰਿਆਣਾ ਅਤੇ ਉੱਤਰ ਪ੍ਰਦੇਸ਼ ਦੇ ਕਿਸਾਨਾਂ ਨੂੰ ਕਾਫੀ ਮੱਦਦ ਮਿਲੀ।

ਸਵਾਮੀਨਾਥਨ ਆਪਣੇ ਕਾਰਜਕਾਲ ਦੌਰਾਨ ਕਈ ਪ੍ਰਮੁੱਖ ਅਹੁਦਿਆਂ 'ਤੇ ਰਹੇ। ਉਸਨੂੰ ਭਾਰਤੀ ਖੇਤੀ ਖੋਜ ਸੰਸਥਾਨ (1961-1972) ਦਾ ਡਾਇਰੈਕਟਰ, ਦਾ ਡਾਇਰੈਕਟਰ ਜਨਰਲ ਅਤੇ ਖੇਤੀਬਾੜੀ ਖੋਜ ਅਤੇ ਸਿੱਖਿਆ ਵਿਭਾਗ ਦਾ ਸਕੱਤਰ (1972-79), ਖੇਤੀਬਾੜੀ ਮੰਤਰਾਲੇ (1979-80) ਦਾ ਪ੍ਰਮੁੱਖ ਸਕੱਤਰ ਨਿਯੁਕਤ ਕੀਤਾ ਗਿਆ ਸੀ। ਸਵਾਮੀਨਾਥਨ ਨੂੰ 1987 ਵਿੱਚ ਪ੍ਰਥਾਨ ਫੂਡ ਐਵਾਰਡ ਦਿੱਤਾ ਗਿਆ ਸੀ। ਉਨ੍ਹਾਂ ਨੂੰ ਪਦਮ ਸ੍ਰੀ, ਪਦਮ ਭੂਸ਼ਣ ਅਤੇ ਪਦਮ ਵਿਭੂਸ਼ਣ ਨਾਲ ਸਨਮਾਨਿਤ ਕੀਤਾ ਗਿਆ ਹੈ।

# ਬਦਮਾਸ਼ਾਂ ਨੇ ਨੌਜਵਾਨ ਵਿਆਹ ਨਾ ਕਰਨ ਦਿੱਤੀ ਸੀ ਧਮਕੀ, ਜਦੋਂ ਵਿਆਹ ਕਰਵਾਇਆ ਗੋਲੀ ਮਾਰ ਕੇ ਕੀਤਾ ਕਤਲ

ਹਾਜੀਪੁਰ, 28 ਸਤੰਬਰ (ਪੋਸਟ ਬਿਊਰੋ): ਬਿਹਾਰ ਦੇ ਵੈਸ਼ਾਲੀ ਜ਼ਿਲ੍ਹੇ ਦੇ ਬਿਦੂਪੁਰ ਥਾਣਾ ਖੇਤਰ ਤੋਂ ਇੱਕ ਅਜੀਬ ਮਾਮਲਾ ਸਾਹਮਣੇ ਆਇਆ ਹੈ। ਇਕ ਨੌਜਵਾਨ ਨੂੰ ਵਿਆਹ ਨਾ ਕਰਨ ਦੀ ਧਮਕੀ ਦਿੱਤੀ ਗਈ ਅਤੇ ਜਦੋਂ ਉਹ ਲਾੜਾ ਬਣ ਗਿਆ ਤਾਂ ਵੀਰਵਾਰ ਨੂੰ ਅਣਪਛਾਤੇ ਅਪਰਾਧੀਆਂ ਨੇ ਉਸ ਦੀ ਜਾਨ ਲੈ ਲਈ। ਪੁਲਿਸ ਹੁਣ ਪੂਰੇ ਮਾਮਲੇ ਦੀ ਜਾਂਚ ਵਿੱਚ ਜੁਟੀ ਹੋਈ ਹੈ।

ਦਰਅਸਲ, ਇਹ ਪੂਰਾ ਮਾਮਲਾ ਬਿਦੂਪੁਰ ਥਾਣਾ ਖੇਤਰ ਦਾ ਹੈ ਜਿੱਥੇ ਵੀਰਵਾਰ ਨੂੰ ਅਪਰਾਧੀਆਂ ਨੇ ਉਚੀਡੀਹ ਪਿੰਡ ਦੇ ਰਹਿਣ ਵਾਲੇ ਪੰਕਜ ਕੁਮਾਰ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ। ਪੁਲਿਸ ਅਨੁਸਾਰ ਪੰਕਜ ਸਵੇਰੇ ਹਾਜੀਪੁਰ ਉਦਯੋਗਿਕ ਖੇਤਰ ਤੋਂ ਬਿਸਕੁਟ ਫੈਕਟਰੀ ਵਿੱਚ ਕੰਮ ਕਰਕੇ ਘਰ ਪਰਤ ਰਿਹਾ ਸੀ ਤਾਂ ਰਹੀਮਪੁਰ ਚੌਕ ਨੇੜੇ ਅਪਰਾਧੀਆਂ ਨੇ ਉਸ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ। ਅਪਰਾਧੀਆਂ ਦੀ ਗਿਣਤੀ ਦੋ ਦੱਸੀ ਜਾ ਰਹੀ ਹੈ ਜੋ ਬਾਈਕ 'ਤੇ ਸਵਾਰ ਹੋ ਕੇ ਆਏ ਸਨ।

ਪਰਿਵਾਰਕ ਮੈਂਬਰਾਂ ਦਾ ਕਹਿਣਾ ਹੈ ਕਿ ਅਣਪਛਾਤੇ ਲੋਕਾਂ ਨੇ ਪੰਕਜ ਨੂੰ ਵਿਆਹ ਨਾ ਕਰਨ ਦੀ ਹਦਾਇਤ ਕੀਤੀ ਸੀ। ਇਸ ਸਬੰਧੀ ਅਣਪਛਾਤੇ ਵਿਅਕਤੀਆਂ ਵੱਲੋਂ ਘਰ ਵਿਚ ਫੋਨ ਕਰਕੇ ਰਜਿਸਟਰੀ ਰਾਹੀਂ ਪੱਤਰ ਵੀ ਭੇਜਿਆ ਗਿਆ ਅਤੇ ਚਿਤਾਵਨੀ ਦਿੱਤੀ ਗਈ ਕਿ ਜੇਕਰ ਪੰਕਜ ਦਾ ਵਿਆਹ ਹੋਇਆ ਤਾਂ ਉਸ ਦਾ ਕਤਲ ਕਰ ਦਿੱਤਾ ਜਾਵੇਗਾ। ਇਹ ਸਿਲਸਿਲਾ ਵਿਆਹ ਤੋਂ ਬਾਅਦ ਵੀ ਜਾਰੀ ਰਿਹਾ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਮ੍ਰਿਤਕ ਦਾ 27 ਮਈ ਨੂੰ ਵਿਆਹ ਹੋਇਆ ਸੀ ਅਤੇ ਵੀਰਵਾਰ ਨੂੰ ਉਸ ਦਾ ਕਤਲ ਕਰ ਦਿੱਤਾ ਗਿਆ। ਪੁਲਸ ਵਲੋਂ ਮੁਲਜ਼ਮਾਂ ਨੂੰ ਫੜ੍ਹਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

# ਜ਼ਿਲ੍ਹਾ ਅਤੇ ਸੈਸ਼ਨ ਜੱਜ ਫਰੀਦਕੋਟ ਵੱਲੋਂ ਅਬਜ਼ਰਵੇਸ਼ਨ ਹੋਮ ਦਾ ਦੌਰਾ



ਫਰੀਦਕੋਟ, 28 ਸਤੰਬਰ (ਗਿਆਨ ਸਿੰਘ): ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ.ਏ.ਐੱਸ. ਨਗਰ ਮੋਹਾਲੀ ਦੀਆਂ ਹਦਾਇਤਾਂ ਅਨੁਸਾਰ, ਸ੍ਰੀਮਤੀ ਨਵਜੋਤ ਕੌਰ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਕਮ-ਚੇਅਰਪਰਸਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਸ੍ਰੀ ਅਜੀਤ ਪਾਲ ਸਿੰਘ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਅਬਜ਼ਰਵੇਸ਼ਨ ਹੋਮ ਫਰੀਦਕੋਟ ਦਾ ਦੌਰਾ ਕੀਤਾ ਗਿਆ।

ਇਸ ਦੌਰਾਨ ਜੱਜ ਸਾਹਿਬਾਨ ਜੁਵਿਨਾਇਲ ਬੱਚਿਆਂ ਨੂੰ ਮਿਲੇ ਅਤੇ ਉਨ੍ਹਾਂ ਨਾਲ ਗੱਲਬਾਤ ਕੀਤੀ, ਅਤੇ ਮੌਕੇ ਤੇ ਮੌਜੂਦ ਅਧਿਕਾਰੀਆਂ ਤੋਂ ਜੁਵਿਨਾਇਲ ਬੱਚਿਆਂ ਦੇ ਰਹਿਣ-ਸਹਿਣ ਬਾਰੇ ਜਾਣਕਾਰੀ ਲਈ ਅਤੇ ਖਾਣ-ਪੀਣ ਬਾਰੇ ਵੀ ਵਿਸਥਾਰ-ਪੂਰਵਕ ਜਾਣਕਾਰੀ ਲਈ। ਇਸ ਤੋਂ ਇਲਾਵਾ ਉਨ੍ਹਾਂ ਨੂੰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਰੀਦਕੋਟ ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਇਸ ਤੋਂ ਇਲਾਵਾ ਉਪਰੋਕਤ ਹੋਮ ਨੂੰ ਜ਼ਿਲ੍ਹਾ ਕਚਹਿਰੀਆਂ ਜਾਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਿਸੇ ਕਿਸਮ ਦੀਆਂ ਕਾਨੂੰਨੀ ਅਤੇ ਪ੍ਰਬੰਧਕੀ ਕਮੀਆਂ ਪੇਸ਼ੀਆਂ ਲਈ ਉਨ੍ਹਾਂ ਆਪਣੇ ਦਫਤਰ ਦੇ ਫੋਨ ਨੰਬਰ ਦਿੱਤੇ। ਇਸ ਤੋਂ ਇਲਾਵਾ ਸੈਸ਼ਨਜ਼ ਜੱਜ ਸਾਹਿਬ ਨੇ ਹਾਜ਼ਰ ਸਾਰੇ ਅਧਿਕਾਰੀਆਂ ਅਤੇ ਕਰਮਚਾਰੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਜੁਵਿਨਾਇਲ ਬੱਚਿਆਂ ਨੂੰ ਗੈਰ ਕਾਨੂੰਨੀ ਕੰਮ ਨਾ ਕਰਨ ਦੀ ਪ੍ਰੇਰਨਾ ਦਿੰਦੇ ਹੋਏ ਇੱਕ ਚੰਗੇ ਨਾਗਰਿਕ ਬਣਨ ਦੀ ਸਿੱਖਿਆ ਦਿੰਦੇ ਹੋਏ ਇੱਥੋਂ ਵਿਦਾਇਗੀ ਲਈ।

# ਵੈਟਨਰੀ ਯੂਨੀਵਰਸਿਟੀ ਨੇ ਐਗਰੀਨੋਵੈਟ ਇੰਡੀਆ ਲਿਮ. ਨਾਲ ਕੀਤਾ ਸਮਝੌਤਾ



ਲੁਧਿਆਣਾ, 28 ਸਤੰਬਰ (ਗਿਆਨ ਸਿੰਘ): ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਵੱਲੋਂ ਐਗਰੀਨੋਵੈਟ ਇੰਡੀਆ ਲਿਮ. ਨਵੀਂ ਦਿੱਲੀ ਨਾਲ ਇਕ ਸਮਝੌਤਾ ਪੱਤਰ 'ਤੇ ਦਸਤਖ਼ਤ ਕੀਤੇ ਗਏ। ਇਸ ਅਨੁਸਾਰ ਦੋਨੋਂ ਸੰਸਥਾਵਾਂ ਯੂਨੀਵਰਸਿਟੀ ਵੱਲੋਂ ਤਿਆਰ ਕੀਤੀਆਂ ਤਕਨਾਲੋਜੀਆਂ ਦੇ ਤਬਾਦਲੇ ਅਤੇ ਉਸਦੇ ਵਪਾਰੀਕਰਨ ਵਾਸਤੇ ਸਮੂਹਿਕ ਯਤਨ ਕਰਨਗੇ। ਇਸ ਸਮਝੌਤਾ ਪੱਤਰ 'ਤੇ ਯੂਨੀਵਰਸਿਟੀ ਵੱਲੋਂ ਡਾ. ਜਤਿੰਦਰ ਪਾਲ ਸਿੰਘ ਗਿੱਲ, ਨਿਰਦੇਸ਼ਕ ਖੋਜ ਅਤੇ ਐਗਰੀਨੋਵੈਟ ਇੰਡੀਆ ਵੱਲੋਂ ਮੁੱਖ ਕਾਰਜਕਾਰੀ ਅਧਿਕਾਰੀ ਡਾ. ਪ੍ਰਵੀਨ ਮਲਿਕ ਨੇ ਹਸਤਾਖ਼ਰ ਕੀਤੇ। ਇਹ ਸਮਝੌਤਾ ਡਾ. ਇੰਦਰਜੀਤ ਸਿੰਘ, ਉਪ-ਕੁਲਪਤੀ, ਵੈਟਨਰੀ ਯੂਨੀਵਰਸਿਟੀ, ਡਾ. ਹਰਮਨਜੀਤ ਸਿੰਘ ਬਾਂਗਾ, ਰਜਿਸਟਰਾਰ, ਡਾ. ਯਸ਼ਪਾਲ ਸਿੰਘ ਮਲਿਕ, ਡੀਨ, ਕਾਲਜ ਆਫ ਐਨੀਮਲ ਬਾਇਓਤਕਨਾਲੋਜੀ, ਡਾ. ਸਰਵਪ੍ਰੀਤ ਸਿੰਘ ਘੁੰਮਣ, ਡੀਨ, ਵੈਟਨਰੀ ਸਾਇੰਸ ਕਾਲਜ ਅਤੇ ਡਾ. ਸੰਜੀਵ ਕੁਮਾਰ ਉੱਪਲ, ਡੀਨ ਪੋਸਟ ਗ੍ਰੈਜੂਏਟ ਸਟੱਡੀਜ਼ ਅਤੇ ਹੋਰ ਅਧਿਕਾਰੀਆਂ ਦੀ ਮੌਜੂਦਗੀ ਦੌਰਾਨ ਹੋਇਆ। ਡਾ. ਪ੍ਰਵੀਨ ਮਲਿਕ ਨੇ ਇਨ੍ਹਾਂ ਤਕਨਾਲੋਜੀਆਂ ਦਾ ਵਪਾਰੀਕਰਨ ਕਰਨ ਸੰਬੰਧੀ ਵੇਰਵਾ ਸਾਂਝਾ ਕੀਤਾ। ਵੈਟਨਰੀ ਯੂਨੀਵਰਸਿਟੀ ਨੇ ਤਿਆਰ ਕੀਤੀਆਂ ਗਈਆਂ ਵਿਭਿੰਨ ਤਕਨਾਲੋਜੀਆਂ, ਉਨ੍ਹਾਂ ਦੀ ਮਹੱਤਤਾ ਅਤੇ ਕਾਰੋਬਾਰ ਵਿਚ ਉਨ੍ਹਾਂ ਦੇ ਯੋਗਦਾਨ ਬਾਰੇ ਜਾਣਕਾਰੀ ਸਾਂਝੀ ਕੀਤੀ।

ਡਾ. ਇੰਦਰਜੀਤ ਸਿੰਘ, ਉਪ-ਕੁਲਪਤੀ ਨੇ ਕਿਹਾ ਕਿ ਤਕਨਾਲੋਜੀ ਤਬਾਦਲੇ ਨਾਲ ਅਸੀਂ ਪਸ਼ੂ ਵਿਗਿਆਨ ਵਿਚ ਕਈ ਮਹੱਤਵਪੂਰਨ ਤਬਦੀਲੀਆਂ ਲਿਆ ਸਕਦੇ ਹਾਂ। ਪ੍ਰਯੋਗਸ਼ਾਲਾ ਤੋਂ ਆਮ ਲੋਕਾਂ ਤਕ ਪਹੁੰਚਾਉਣ ਲਈ ਇਨ੍ਹਾਂ ਤਕਨਾਲੋਜੀਆਂ ਦੇ ਵਪਾਰੀਕਰਨ ਦੀ ਬਹੁਤ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਇਸ ਦੇ ਲਾਭ ਆਮ ਆਦਮੀ ਤਕ ਪਹੁੰਚਣ ਨਾਲ ਸਮਾਜ ਨੂੰ ਬਹੁਤ ਫਾਇਦਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਇਸ ਦੁਵੱਲੀ ਸਾਂਝ ਨਾਲ ਜਿਥੇ ਯੂਨੀਵਰਸਿਟੀ ਆਪਣੀ ਖੋਜ ਨੂੰ ਹੋਰ ਬਿਹਤਰ ਕਰੇਗੀ ਉਥੇ ਉਦਯੋਗਾਂ ਤਕ ਵੀ ਇਨ੍ਹਾਂ ਤਕਨਾਲੋਜੀਆਂ ਦੀ ਪਹੁੰਚ ਆਸਾਨ ਹੋਵੇਗੀ।









# ਗੁਰਪ੍ਰੀਤ ਸਿੰਘ ਤੂਰ ਦੀ ਬਰੈਂਪਟਨ ਫੇਰੀ: ਜੀਵੇ ਜਵਾਨੀ ਜੀਵੇ ਪੰਜਾਬ

-ਪ੍ਰਿੰ. ਸਰਵਣ ਸਿੰਘ-

ਬਰੈਂਪਟਨ ਪਹੁੰਚੇ ਗੁਰਪ੍ਰੀਤ ਸਿੰਘ ਤੂਰ ਨੇ ਆਪਣੀ ਪੁਸਤਕ 'ਜੀਵੇ ਜਵਾਨੀ' ਰਾਹੀਂ ਪੰਜਾਬੀਆਂ ਨੂੰ ਜਾਗਣ ਦਾ ਹੋਕਾ ਦਿੱਤਾ ਹੈ। ਉਹ ਕਿੱਤੇ ਵਜੋਂ ਪੁਲਿਸ ਅਫਸਰ ਰਿਹਾ ਹੈ ਤੇ ਸ਼ੌਕ ਵਜੋਂ ਸੰਵੇਦਨਸ਼ੀਲ ਲੇਖਕ ਹੈ। ਉਹ ਪੰਜਾਬ ਦੀ ਜਵਾਨੀ ਨੂੰ ਚੜ੍ਹਦੀ ਕਲਾ 'ਚ ਵੇਖਣੀ ਚਾਹੁੰਦੈ ਜੋ ਢਹਿੰਦੀ ਕਲਾ ਵੱਲ ਜਾ ਰਹੀ ਹੈ। ਨਸ਼ਿਆਂ, ਲੁੱਟਾਂ-ਖੋਹਾਂ, ਮਾਰ-ਧਾੜ, ਲਚਰਤਾ ਤੇ ਅਵੈੜੇ ਵੈੱਲਾਂ ਵਿਚ ਖੱਚਤ ਹੈ। ਕੰਮਾਂ-ਕਾਰਾਂ ਤੋਂ ਵਿਰਵੀ, ਵਿਹਲੜ, ਅੱਯਾਸ਼ ਤੇ ਫੋਕੀਆਂ ਟੌਹਰਾਂ ਦੀ ਪੱਟੀ ਕੰਨ ਵਿੰਨ੍ਹਾਈ, ਸਿਰ ਮੁਨਾਈ ਤੇ ਟੈਟੂ ਖੁਣਵਾਈ ਫਿਰਦੀ ਹੈ। ਮੋਟਰ ਬਾਈਕਾਂ ਬਿਨਾਂ ਪੈਰ ਪੁੱਟਣਾ ਆਪਣੀ ਸ਼ਾਨ ਦੇ ਉਲਟ ਸਮਝਦੀ ਹੈ। ਬਰਾਂਡਿਡ ਵਸਤਾਂ, ਫੈਸ਼ਨਾਂ ਤੇ ਟਸ਼ਨਾਂ ਨਾਲ ਟਿੱਚ ਹੈ। ਅਜਿਹੀ ਜੁਆਨੀ ਨਾਲ ਲੇਖਕ ਦਾ ਪੁਲਿਸ ਅਫ਼ਸਰ ਹੋਣ ਦੇ ਨਾਤੇ ਨਿੱਤ ਵਾਹ ਪੈਂਦਾ ਰਿਹਾ।

'ਜੀਵੇ ਜਵਾਨੀ' ਦੀਆਂ ਚਾਰ ਐਡੀਸ਼ਨਾਂ ਛਪ ਚੁੱਕੀਆਂ ਹਨ। ਇਸ ਤੋਂ ਪਹਿਲਾਂ ਲੇਖਕ ਨੇ 'ਸੰਭਲੋ ਪੰਜਾਬ' ਪੁਸਤਕ ਰਾਹੀਂ ਪੰਜਾਬੀਆਂ ਨੂੰ ਸੰਭਲਣ ਦਾ ਢੰਡੋਰਾ ਦਿੱਤਾ ਸੀ। ਉਸ ਦੀਆਂ ਛੇ ਐਡੀਸ਼ਨਾਂ ਛਪੀਆਂ ਹਨ। 'ਅੱਲ੍ਹੜ ਉਮਰਾਂ ਦੇ ਤਲਖ਼ ਸੁਨੇਹੇ' ਦੀਆਂ ਤਿੰਨ ਐਡੀਸ਼ਨਾਂ ਆ ਚੁੱਕੀਆਂ ਹਨ। ਵਾਰਤਕ ਦੀਆਂ ਅਜਿਹੀਆਂ ਪੁਸਤਕਾਂ ਦੀ ਪੰਜਾਬੀ ਸਾਹਿਤ ਦੇ ਪਾਠਕਾਂ, ਆਲੋਚਕਾਂ ਤੇ ਅਖ਼ਬਾਰਾਂ ਦੇ ਸੰਪਾਦਕਾਂ ਨੂੰ ਗੰਭੀਰ ਨੋਟਿਸ ਲੈਣਾ ਚਾਹੀਦੈ ਜੋ ਅਕਸਰ ਅਣਗੌਲੀਆਂ ਰਹਿ ਜਾਂਦੀਆਂ ਹਨ।

ਪੰਜਾਬ ਦੀ ਜੁਆਨੀ ਸੱਚੀਮੁੱਚੀਂ ਕੁਰਾਹੇ ਪੈ ਗਈ ਹੈ ਜੋ ਵਸਣ ਰਸਣ ਦੇ ਖੇੜੇ ਦੀ ਥਾਂ ਮੜ੍ਹੀਆਂ ਮਸਾਣਾਂ ਨੂੰ ਜਾਂਦਾ ਹੈ। 'ਜੀਵੇ ਜਵਾਨੀ' ਵਿਚ ਜੁਆਨਾਂ ਦੇ ਕੁਰਾਹੇ ਪੈਣ ਦੇ ਕਾਰਨ ਤੇ ਉਨ੍ਹਾਂ ਦਾ ਉਪਾਅ ਤਲਾਸ਼ਣ ਦੀ ਕੋਸ਼ਿਸ਼ ਕੀਤੀ ਗਈ ਹੈ। ਇਹ ਕਿਤਾਬ ਹਰ ਇਕ ਨੂੰ ਪੜ੍ਹਨੀ ਚਾਹੀਦੀ ਹੈ ਅਤੇ ਜਵਾਨੀ ਨੂੰ ਬਚਾਉਣ ਲਈ ਆਪੋ ਆਪਣਾ ਯੋਗਦਾਨ ਪਾਉਣਾ ਚਾਹੀਦੈ। ਬੇਸ਼ਕ ਕੁਝ ਵਿਅਕਤੀ ਪਾ ਵੀ ਰਹੇ ਹਨ ਪਰ ਇਹ ਕਾਫ਼ਲਾ ਅਜੇ ਛੋਟਾ ਹੈ। ਇਹ ਵੱਡਾ ਹੋਣਾ ਚਾਹੀਦੈ। ਕੋਈ ਵੀ ਮਸਲਾ ਏਨਾ ਪੇਚੀਦਾ ਨਹੀਂ ਹੁੰਦਾ ਕਿ ਉਹਦਾ ਕੋਈ ਹੱਲ ਨਾ ਨਿਕਲ ਸਕੇ। ਪੰਜਾਬੀ ਡਿੱਗ ਡਿੱਗ ਕੇ ਉਠਦੇ ਰਹੇ ਹਨ ਤੇ ਕੁਕਨੂਸ ਵਾਂਗ ਰਾਖ 'ਚੋਂ ਮੁੜ-ਮੁੜ ਜੰਮਦੇ ਰਹੇ ਹਨ। ਘੋੜਿਆਂ ਦੀਆਂ ਕਾਠੀਆਂ 'ਤੇ ਰਹਿਣ ਵਾਲੇ ਰਾਜ ਭਾਗ ਦੇ ਮਾਲਕ ਬਣੇ ਹਨ। 1947 ਦੇ ਘੋਰ ਉਜਾੜੇ ਪਿੱਛੋਂ ਫਿਰ ਘੁੱਗ ਵੱਸੇ ਹਨ ਤੇ ਕੰਗਾਲ ਪੰਜਾਬ ਨੂੰ ਖ਼ੁਸ਼ਹਾਲ ਕੀਤਾ ਹੈ। ਦਹਿਸ਼ਤੀ ਦੌਰ ਦੀਆਂ ਮਾਰਾਂ ਵੀ ਝੱਲੀਆਂ ਹਨ ਤੇ ਪਰਦੇਸਾਂ ਦੇ ਦੁੱਖੜੇ ਵੀ ਝਾਗੇ ਹਨ। ਨੌਜੁਆਨਾਂ ਦੀ ਅਜੋਕੀ ਨਿਘਰਦੀ ਹਾਲਤ ਨੂੰ ਹੁਣ ਵੀ ਉਸਾਰੀ ਵਿਚ ਬਦਲਿਆ ਜਾ ਸਕਦੈ। ਜਿਥੇ ਚਾਹ ਉਥੇ ਰਾਹ ਵਾਂਗ ਸੂਝ ਸਿਆਣਪ ਨਾਲ ਫੈਸਲੇ ਲੈ ਕੇ ਉਹਨਾਂ ਉਤੇ ਦ੍ਰਿੜ ਇਰਾਦੇ ਨਾਲ ਅਮਲ ਕਰਨ ਦੀ ਲੋੜ ਹੈ।

## ਪੁਸਤਕ ਦੇ ਸਰਵਰਕ ਉਤੇ ਕੁਝ ਸਤਰਾਂ ਦਰਜ ਹਨ:

-ਟੈਕਨਾਲੋਜੀ ਤੋਂ ਪ੍ਰਭਾਵਤ ਹੋ ਕੇ ਸਮਾਜਿਕ ਵਿਸ਼ਿਆਂ ਨੂੰ ਵਿਸਾਰ ਦੇਣਾ ਵੱਡੀ ਭੁੱਲ ਹੈ। ਤਕਨਾਲੋਜੀ ਨਾਲ ਸੰਬੰਧਿਤ ਵਿਸ਼ੇ ਬਹੁਮੰਜ਼ਲੀਆਂ ਇਮਾਰਤਾਂ 'ਤੇ ਪਏ ਦੀਵਿਆਂ ਦਾ ਭਟਕਦਾ ਚਾਨਣ ਹੈ, ਜਦੋਂ ਕਿ ਸਮਾਜਿਕ ਵਿਗਿਆਨ, ਸਾਹਿਤ ਤੇ ਮਨ ਨਾਲ ਸੰਬੰਧਿਤ ਵਿਸ਼ੇ ਦਰਿਆ ਕਿਨਾਰੇ ਜਗਦੇ ਦੀਵਿਆਂ ਦੀ ਲੋਅ ਵਾਂਗ ਹਨ।

-ਜੀਵਨ ਦੀਆਂ ਥੁੜਾਂ ਤੇ ਔਖਿਆਈਆਂ ਨਾਲ ਖਹਿ ਕੇ ਲੰਘਦੀ ਜ਼ਿੰਦਗੀ ਹੀ ਕੰਮ ਦੇ ਰਸ ਦਾ ਅਸਲੀ ਆਨੰਦ ਮਾਣ ਸਕਦੀ ਹੈ। ਹਕੀਕਤਾਂ ਨਾਲ ਖਹਿ ਕੇ ਲੰਘਦੀ ਜ਼ਿੰਦਗੀ ਰਗੜ ਪੈਦਾ ਕਰਦੀ ਹੈ, ਰਗੜ ਚੰਗਿਆੜੀਆਂ ਨੂੰ ਜਨਮ ਦਿੰਦੀ ਹੈ ਤੇ ਜੀਵਨ 'ਚ ਭਖਦੀਆਂ ਚੰਗਿਆੜੀਆਂ ਹੀ ਮਤਾਬੀ ਰੰਗ ਪੈਦਾ ਕਰ ਸਕਦੀਆਂ ਹਨ।

-ਗੰਦੇ ਗੀਤਾਂ ਦੀ ਸ਼ਬਦਾਵਲੀ ਨੌਜੁਆਨਾਂ ਦੇ ਅੱਲ੍ਹੜ ਮਨਾਂ 'ਤੇ ਮਾਰੂ ਅਸਰ ਕਰਦੀ ਹੈ ਅਤੇ ਉਨ੍ਹਾਂ ਦੇ ਹੱਥਾਂ ਵਿਚ ਗਲਾਸ ਤੇ ਹਥਿਆਰ ਫੜਾ ਦਿੰਦੀ ਹੈ ਜਦ ਕਿ ਮਿਆਰੀ ਗੀਤ ਸਾਰਥਕ ਤੇ ਮਿਹਨਤਕਸ਼ ਜ਼ਿੰਦਗੀ ਦੇ ਪੂਰਨੇ ਪਾਉਂਦੇ ਹਨ।

ਗੁਰੂਆਂ ਦੇ ਨਾਂ 'ਤੇ ਜੀਂਦੇ ਪੰਜਾਬ ਵਿਚ ਹੱਥੀਂ ਕਿਰਤ ਕਰ ਕੇ ਜਿਊਣ ਦਾ ਗਾਡੀ ਰਾਹ ਬਹੁਤ ਸਾਰੇ ਨੌਜੁਆਨ ਭੁੱਲ ਬੈਠੇ ਹਨ। ਕਿਰਤ ਤੋਂ ਟੁੱਟਿਆਂ ਦਾ ਹਾਲ ਮੰਦਾ ਹੀ ਹੁੰਦੈ। ਵਿਹਲਾ ਬੰਦਾ ਸ਼ੈਤਾਨ ਦਾ ਚਰਖਾ ਬਣ ਜਾਂਦੈ। ਪੰਜਾਬ ਵਿਚ ਵੱਡੀ ਪੱਧਰ 'ਤੇ ਪਸਰੀ ਬੇਰੁਜ਼ਗਾਰੀ ਨਸ਼ਿਆਂ ਦਾ ਧਰਾਤਲ ਹੈ। ਜਦੋਂ ਕੋਈ ਕੰਮ ਨਾ ਹੋਵੇ ਤਾਂ ਨਸ਼ੇ ਦਸਤਕ ਦੇਣ ਲੱਗਦੇ ਨੇ। ਕੋਈ ਨਸ਼ੇ ਵੇਚਣ ਲੱਗ ਜਾਂਦੈ ਕੋਈ ਖਾਣ ਲੱਗ ਜਾਂਦੈ। ਫਿਰ ਨਸ਼ਿਆਂ ਦੇ ਮਨਹੂਸ ਪਰਛਾਵੇਂ ਉਨ੍ਹਾਂ ਉਤੇ ਵੀ ਪੈਣ ਲੱਗਦੇ ਨੇ ਜਿਨ੍ਹਾਂ ਬਾਰੇ ਕਦੇ ਸੋਚਿਆ ਵੀ ਨਹੀਂ ਹੁੰਦਾ। ਹੌਲੀ ਹੌਲੀ ਨਸ਼ਿਆਂ ਦੀ ਕਾਲੀ ਬੋਲੀ ਰਾਤ ਪਸਰ ਜਾਂਦੀ ਹੈ। ਕਾਲੀਆਂ ਬੋਲੀਆਂ ਰਾਤਾਂ ਦੇ ਕਈ ਦ੍ਰਿਸ਼ ਆਈ. ਪੀ. ਐੱਸ. ਅਫਸਰ ਤੂਰ ਨੇ ਖ਼ੁਦ ਵੇਖੇ ਤੇ ਪੁਸਤਕ ਰਾਹੀਂ ਪਾਠਕਾਂ ਨੂੰ ਵਿਖਾਏ ਨੇ। ਕਿਰਤ ਦੀਆਂ ਮਿਟਦੀਆਂ ਪੈੜਾਂ 'ਚ ਅਨੇਕਾਂ ਨੌਜੁਆਨ ਮੂਧੇ ਮੂੰਹ ਡਿੱਗੇ ਪਏ ਬਹੁੜੀਆਂ ਪਾ ਰਹੇ ਨੇ। ਹੋਰ ਤਾਂ ਹੋਰ ਕੁੜੀਆਂ ਕੱਤਰੀਆਂ ਦਾ ਚੰਬਾ ਵੀ ਸੂਲਾਂ 'ਚ ਘਿਰ ਗਿਆ ਹੈ। 'ਰੰਗਲਾ ਪੰਜਾਬ ਮੇਰਾ ਰੰਗਲਾ ਪੰਜਾਬ' ਬੱਸ ਨਾਂ ਦਾ ਹੀ ਰੰਗਲਾ ਰਹਿ ਗਿਐ ਉਂਜ ਨਸ਼ਿਆਂ ਅਤੇ ਹੋਰ ਅਲਾਮਤਾਂ ਨੇ ਇਹਨੂੰ ਰੰਗੋਂ ਬਦਰੰਗ ਕੰਗਲਾ ਕਰ ਛੱਡਿਐ!

ਜੀਵੇ ਪੰਜਾਬ ਪੁਸਤਕ ਦੇ ਪਹਿਲੇ ਗਿਆਰਾਂ ਲੇਖ ਪੰਜਾਬ ਦੀ ਜੁਆਨੀ ਦਾ ਪੀਲਾ ਪੈ ਰਿਹਾ ਚਿਹਰਾ ਬਿਆਨਦੇ ਹਨ। ਵਿਸਥਾਰ ਵਿਚ ਦੱਸਿਆ ਗਿਐ ਕਿ ਪੰਜਾਬ ਵਿਚ ਨਸ਼ੇ ਪਸਰਨ ਦੇ ਕੀ ਕਾਰਨ ਹਨ? ਵੱਡੇ ਕਾਰਨ ਬੇਰੁਜ਼ਗਾਰੀ ਤੇ ਭ੍ਰਿਸ਼ਟਾਚਾਰ ਹਨ ਅਤੇ ਨੈਤਿਕ ਸਿੱਖਿਆ ਤੇ ਕਦਰਾਂ ਕੀਮਤਾਂ ਦੀ ਅਣਹੋਂਦ ਹੈ। ਰਾਜਨੀਤਕ, ਧਾਰਮਕ ਤੇ ਸਮਾਜਕ ਆਗੂ ਵੀ ਮਾਡਲ ਪਾਤਰ ਨਹੀਂ ਰਹੇ। ਉਹ ਖ਼ੁਦ ਗ਼ਲਤ ਢੰਗਾਂ ਨਾਲ ਕੁਰਸੀਆਂ ਹਾਸਲ ਕਰਦੇ ਚੌਧਰਾਂ ਚਮਕਾਉਂਦੇ ਹਨ। ਇਥੋਂ ਤਕ ਕਿ ਨਸ਼ਿਆਂ ਦੀ ਤਸ਼ਕਰੀ ਕਰਨ ਤੋਂ ਵੀ ਬਾਜ ਨਹੀਂ ਆਉਂਦੇ। ਛੇਤੀ ਤੇ ਸੌਖਿਆਂ ਅਮੀਰ ਹੋਣ ਦੀ ਲਾਲਸਾ ਨੇ ਚੰਗੇ ਭਲਿਆਂ ਨੂੰ ਕਾਲੇ ਧੰਦਿਆਂ ਵਿਚ ਪਾ ਦਿੱਤਾ ਹੈ। ਪੰਜਾਬ ਵਿਚ ਜਿੱਡੀ ਧਿਰ ਨਸ਼ੇ ਵੇਚਣ ਵਾਲਿਆਂ ਦੀ ਹੈ ਓਡੀ ਹੀ ਧਿਰ ਨਸ਼ੇ ਸੇਵਨ ਵਾਲਿਆਂ ਦੀ ਖੜ੍ਹੀ ਹੋ ਗਈ ਹੈ।

ਸੰਯੁਕਤ ਰਾਸ਼ਟਰ ਦੀ ਡਰੱਗਜ਼ ਤੇ ਜੁਰਮਾਂ ਦਾ ਲੇਖ-ਜੋਖਾ ਰੱਖਦੀ ਸੰਸਥਾ ਅਨੁਸਾਰ ਨਸ਼ਿਆਂ ਦੀ ਰੋਕਥਾਮ ਦੇ ਤਿੰਨ ਸਿਧਾਂਤ ਹਨ। 1. ਨਸ਼ਿਆਂ ਦੀ ਮੁੱਢਲੀ ਸਪਲਾਈ ਲਾਈਨ ਨੂੰ ਰੋਕ ਦਿੱਤਾ ਜਾਵੇ। 2. ਨਸ਼ੱਈ ਲੋਕਾਂ ਦਾ ਇਲਾਜ ਕਰਵਾ ਕੇ ਨਸ਼ਿਆਂ ਦੀ ਲੋੜ ਨੂੰ ਹੀ ਖ਼ਤਮ ਕਰ ਦਿੱਤਾ ਜਾਵੇ। 3. ਨੌਜੁਆਨ ਪੀੜ੍ਹੀ ਨੂੰ ਨਸ਼ਿਆਂ ਪ੍ਰਤੀ ਜਾਗਰੂਕ ਕਰ ਕੇ ਉਨ੍ਹਾਂ ਨੂੰ ਨਸ਼ਿਆਂ ਦੀ ਦਲਦਲ ਵਿਚੋਂ ਬਾਹਰ ਕੱਢ ਲਿਆ ਜਾਵੇ। ਚੀਨ ਨੇ ਅਫ਼ੀਮ ਵਿਰੁੱਧ ਲੜਾਈ ਲੜ ਕੇ ਅਫ਼ੀਮ ਦੀ ਸਪਲਾਈ ਨੂੰ ਪੂਰਨ ਰੂਪ ਵਿਚ ਬੰਦ ਕਰ ਦਿੱਤਾ। ਕਿਸੇ ਸਮੇਂ ਅਫ਼ੀਮ ਦਾ ਨਸ਼ਈ ਤੇ ਅਧਮੋਇਆ ਚੀਨ ਹੁਣ ਓਲੰਪਿਕ ਖੇਡਾਂ 'ਚੋਂ ਸਭ ਤੋਂ ਬਹੁਤੇ ਮੈਡਲ ਜਿੱਤਣ ਜੋਗਾ ਹੋ ਗਿਐ ਅਤੇ ਦੁਨੀਆ ਦੀ ਵੱਡੀ ਤਾਕਤ ਮੰਨਿਆ ਜਾ ਰਿਹੈ। ਪੁਸਤਕ ਵਿਚ ਗਿਆਰਾਂ ਲੇਖ ਅਜਿਹੇ ਹਨ ਜੋ ਨਸ਼ਿਆਂ ਤੋਂ ਛੁਟਕਾਰੇ ਦਾ ਉਪਾਅ ਦਸਦੇ ਹਨ। ਆਖ਼ਰੀ ਲੇਖ 'ਜਦ ਪੈਣ ਕਪਾਹੀਂ ਫੁੱਲ ਵੇ' ਸਿਰਲੇਖ ਅਧੀਨ ਪੰਜਾਬ ਦੇ ਭਵਿੱਖ ਦੀ ਬਾਤ ਪਾਈ ਗਈ ਹੈ। ਇਸ ਵਿਚ ਲੇਖਕ ਦੀ ਵਾਰਤਕ ਕਵਿਤਾ ਬਣ ਜਾਂਦੀ ਹੈ:

...ਪੰਜਾਬ ਦੇ ਲੈਂਡਸਕੇਪ ਦਾ ਹਰ ਰੰਗ ਸੁੰਦਰਤਾ ਦਾ ਅਦਭੁੱਤ ਨਮੂਨਾ ਹੈ। 'ਕਾਲਿਆ ਹਰਨਾਂ ਬਾਗੀਂ ਚਰਨਾ ਖਾਵਣ ਨੂੰ ਤੇਰੇ ਮੋਠ ਬਾਜਰੇ' ਵਰਗੇ ਲੋਕ ਗੀਤਾਂ 'ਚੋਂ ਮਾਲਵੇ ਦੀ ਧਰਤੀ ਦਾ ਚਿੱਤਰ ਵੇਖਿਆ ਜਾ ਸਕਦੈ। ਸਾਉਣ ਦਾ ਮਹੀਨਾ, ਅੰਬੀਆਂ ਦੀ ਰੁੱਤ, ਕੋਇਲਾਂ ਦੀ ਸੁਰੀਲੀ ਆਵਾਜ਼, ਸ਼ਾਮ ਦੀ ਰੁਮਕਦੀ ਪੌਣ, ਖੁੱਲ੍ਹੇ ਅਸਮਾਨ 'ਚ ਮੰਡਰਾਉਂਦੇ ਰੰਗੀਨ ਬੱਦਲਾਂ ਦੇ ਫੰਭੇ! ਦੁਆਬਾ ਜ਼ਿੰਦਗੀ ਦੀ ਮੁਹੱਬਤ ਲਈ ਜ਼ਰਖ਼ੇਜ਼ ਜ਼ਮੀਨ ਹੈ। ਮਾਝਾ ਗੁਰੂਆਂ ਪ੍ਰਤੀ ਅਥਾਹ ਸਤਿਕਾਰ, ਦੁੱਧ ਦੀਆਂ ਡੋਲਣੀਆਂ ਤੇ ਭਾਈ ਲਾਲੋਆਂ ਦੇ ਪ੍ਰਸ਼ਾਦਿਆਂ ਦਾ ਦੇਸ਼ ਹੈ। 'ਸਾਨੂੰ ਉਹ ਰੁੱਤ ਲੈ ਦਈਂ ਮੁੱਲ ਵੇ ਧਰਮੀ ਬਾਬਲਾ, ਜਦ ਪੈਣ ਕਪਾਹੀਂ ਫੁੱਲ ਵੇ ਧਰਮੀ ਬਾਬਲਾ' 'ਉੱਚੀਆਂ ਲੰਮੀਆਂ ਟਾਹਲੀਆਂ ਨੀ ਉਏ, ਵਿਚ ਗੁਜਰੀ ਦੀ ਪੀਂਘ ਵੇ ਮਾਹੀਆ!'

ਪਰ ਇਸ ਸਮੇਂ ਪੰਜਾਬ ਵਿਚ ਜਿਥੇ ਇਕ ਪਾਸੇ ਨਸ਼ੇ ਵੇਚਣ ਵਾਲੇ ਵਧ ਰਹੇ ਹਨ ਉਥੇ ਦੂਜੇ ਪਾਸੇ ਨਸ਼ਾ ਕਰਨ ਵਾਲਿਆਂ ਦੀ ਭੀੜ ਵੀ ਵਧ ਰਹੀ ਹੈ। ਪੱਕੇ ਨਸ਼ੱਈ ਭਾਵੇਂ ਜੇਲ੍ਹ ਵਿਚ ਵੀ ਹੋਣ ਉਹ ਹੀਲੇ ਵਸੀਲੇ ਨਸ਼ਿਆਂ ਦੀ ਸਪਲਾਈ ਲਾਈਨ ਨੂੰ ਬੰਦ ਨਹੀਂ ਹੋਣ ਦਿੰਦੇ। ਅਜਿਹੇ ਹਾਲਾਤ ਨਸ਼ੇ ਵੇਚਣ ਵਾਲਿਆਂ ਲਈ ਚੋਖੀ ਕਮਾਈ ਦਾ ਸਾਧਨ ਬਣੇ ਰਹਿੰਦੇ ਹਨ। ਸੱਤਾਧਾਰੀਆਂ ਨੂੰ ਇਹ ਧੰਦਾ ਸੂਤ ਬਹਿੰਦੈ। ਉਹ ਤਾਂ ਨਸ਼ਿਆਂ ਦੇ ਸਿਰ 'ਤੇ ਚੋਣਾਂ ਵੀ ਜਿੱਤਣ ਲੱਗ ਪਏ ਨੇ! ਮਿਆਰੀ ਵਿੱਦਿਆ ਤੇ ਰੁਜ਼ਗਾਰ ਦੇਣਾ ਅਤੇ ਭ੍ਰਿਸ਼ਟਾਚਾਰ ਰੋਕਣਾ ਸਰਕਾਰ ਯਾਨੀ ਸਿਸਟਮ ਦੇ ਹੱਥ-ਵੱਸ ਹਨ। ਪਰ ਕੁਝ ਅਜਿਹੇ ਪੱਖ ਵੀ ਹਨ ਜੋ ਨੌਜੁਆਨਾਂ ਦੇ ਆਪਣੇ ਹੱਥ ਹਨ। ਜਿਵੇਂ ਹੱਥੀਂ ਕੰਮ ਕਰਨਾ, ਕਸਰਤ ਕਰਨੀ, ਸਾਹਿਤ ਪੜ੍ਹਨਾ, ਚੰਗਿਆਂ ਦੀ ਸੰਗਤ ਕਰਨੀ ਤੇ ਵਿਹਲੇ ਸਮੇਂ ਨੂੰ ਉਸਾਰੂ ਪਾਸੇ ਲਾਉਣਾ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਸਕਦੈ। ਉਹ ਵੱਡੇ ਖਿਡਾਰੀਆਂ, ਕਲਾਕਾਰਾਂ, ਸਮਾਜ ਸੇਵਕਾਂ ਤੇ ਵੱਖ ਵੱਖ ਖੇਤਰਾਂ ਵਿਚ ਨਾਮਣਾ ਖੱਟਣ ਵਾਲੇ ਨਾਇਕਾਂ ਨੂੰ ਆਪਣਾ ਮਾਡਲ ਸਮਝ ਕੇ ਉਨ੍ਹਾਂ ਦੀ ਰੀਸ ਕਰ ਸਕਦੇ ਹਨ। ਅਜਿਹਾ ਕਰਨ ਨਾਲ ਉਹ ਖ਼ੁਦ ਹੋਰਨਾਂ ਲਈ ਮਾਡਲ ਬਣ ਸਕਦੇ ਹਨ ਤੇ ਪੰਜਾਬ ਮੁੜ ਵੱਸਦਾ ਰਸਦਾ ਹੋ ਸਕਦੈ।






ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

ਨਾਈ ਸਿੱਖ ਲੜਕਾ, 1988, ਕੱਦ 5 ਫੁਟ, 6 ਇੰਚ, ਕੈਨੇਡਾ ਪੀ.ਆਰ., ਆਪਣਾ ਕੰਮ, ਵੈਸ਼ਨੂੰ ਪਰਿਵਾਰ, ਸੁੰਦਰ ਅਤੇ ਕੈਨੇਡਾ ਪੀ.ਆਰ. ਲੜਕੀ ਦੀ ਲੋੜ। ਸੰਪਰਕ: 9878482427

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4'' tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com













# ਮੁੱਖ ਮੰਤਰੀ ਵੱਲੋਂ ਪੰਜਾਬ ਨੂੰ ਦੇਸ਼ ਦਾ ਮੋਹਰੀ ਸੂਬਾ ਬਣਾ ਕੇ ਸ਼ਹੀਦ ਭਗਤ ਸਿੰਘ ਦੇ ਸੁਪਨੇ ਸਾਕਾਰ ਕਰਨ ਦਾ ਤਹੱਈਆ

*** ਸ਼ਹੀਦ ਭਗਤ ਸਿੰਘ ਦੇ ਜਨਮ ਦਿਨ ਮੌਕੇ ਕਰਵਾਇਆ ਰਾਜ ਪੱਧਰ ਸਮਾਗਮ * ਮਹਾਨ ਸ਼ਹੀਦ ਦੇ ਨਾਨਕੇ ਘਰ ਵਿੱਚ ਬਣੇਗਾ ਅਜਾਇਬ ਘਰ ਅਤੇ ਲਾਇਬ੍ਰੇਰੀ**

ਚੰਡੀਗੜ੍ਹ, 28 ਸਤੰਬਰ (ਗਿਆਨ ਸਿੰਘ): ਦੇਸ਼ ਵਿੱਚ ਪੰਜਾਬ ਨੂੰ ਮੋਹਰੀ ਸੂਬਾ ਬਣਾਉਣ ਦਾ ਸੰਕਲਪ ਲੈਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੂਬੇ ਦੇ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾ ਕੇ ਸ਼ਹੀਦ ਭਗਤ ਸਿੰਘ ਦੇ ਸੁਪਨੇ ਸਾਕਾਰ ਕਰਨ ਦਾ ਤਹੱਈਆ ਕੀਤਾ।



ਸਮਾਗਮ ਦੀ ਸ਼ੁਰੂਆਤ ਵਿੱਚ ਮੁੱਖ ਮੰਤਰੀ ਨੇ ਸ਼ਹੀਦ ਭਗਤ ਸਿੰਘ ਦੇ ਪਰਿਵਾਰਕ ਮੈਂਬਰਾਂ ਹਰਜਿੰਦਰ ਪਾਲ ਸਿੰਘ ਗਿੱਲ, ਬਲਦੇਵ ਸਿੰਘ ਨਸਰਾਲਾ, ਰਵਿੰਦਰ ਸਿੰਘ, ਗੁਰਜੀਤ ਸਿੰਘ ਤੇ ਹਰਭਜਨ ਸਿੰਘ ਢੱਟ ਨੂੰ ਸਨਮਾਨਿਤ ਕੀਤਾ।

ਅੱਜ ਇੱਥੇ ਸ਼ਹੀਦ ਭਗਤ ਸਿੰਘ ਦੇ ਜਨਮ ਦਿਹਾੜੇ ਮੌਕੇ ਰਾਜ ਪੱਧਰੀ ਸਮਾਗਮ ਦੌਰਾਨ ਆਪਣੇ ਸੰਬੋਧਨ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਸ਼ਹੀਦ ਭਗਤ ਸਿੰਘ ਦੇ ਸੁਪਨੇ ਸਾਕਾਰ ਕਰਨ ਲਈ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਸਰਕਾਰ ਇਹ ਯਕੀਨੀ ਬਣਾਏਗੀ ਕਿ ਸੂਬੇ ਦੇ ਕਿਸੇ ਵੀ ਬਾਸ਼ਿੰਦੇ ਨੂੰ ਆਪਣਾ ਵਤਨ ਛੱਡ ਕੇ ਵਿਦੇਸ਼ ਨਾ ਜਾਣਾ ਪਵੇ। ਉਨ੍ਹਾਂ ਕਿਹਾ ਕਿ ਇਸ ਸਬੰਧ ਵਿੱਚ ਸੂਬਾ ਸਰਕਾਰ ਵੱਲੋਂ ਪਹਿਲਾਂ ਹੀ ਕਈ ਵੱਡੇ ਕਦਮ ਚੁੱਕੇ ਜਾ ਰਹੇ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨੌਜਵਾਨਾਂ ਦੇ ਵਿਦੇਸ਼ ਜਾਣ ਦੇ ਰੁਝਾਨ ਨੂੰ ਮੋੜਾ ਦੇਣ ਲਈ ਸੂਬਾ ਸਰਕਾਰ ਤਨਦੇਹੀ ਨਾਲ ਜੁਟੀ ਹੋਈ ਹੈ।

ਮੁੱਖ ਮੰਤਰੀ ਨੇ ਸਕੂਲ ਸਿਲੇਬਸ ਵਿੱਚ ਲੋੜੀਂਦਾ ਬਦਲਾਅ ਕਰਨ ਦਾ ਵੀ ਐਲਾਨ ਕੀਤਾ ਤਾਂ ਕਿ ਸਾਡੀ ਨੌਜਵਾਨ ਪੀੜ੍ਹੀ ਨੂੰ ਮਹਾਨ ਗੁਰੂ ਸਾਹਿਬਾਨ, ਸੰਤਾਂ-ਮਹਾਤਮਾ, ਪੀਰਾਂ-ਪੈਗੰਬਰਾਂ ਅਤੇ ਸ਼ਹੀਦਾਂ ਦੇ ਜੀਵਨ, ਵਿਚਾਰਧਾਰਾ ਅਤੇ ਸਿੱਖਿਆਵਾਂ ਬਾਰੇ ਜਾਣੂ ਕਰਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸੂਬੇ ਦੇ ਨੌਜਵਾਨਾਂ ਨੂੰ ਇਨ੍ਹਾਂ ਨੇਕ ਰੂਹਾਂ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ ਅਤੇ ਇਸੇ ਕਰਕੇ ਸਕੂਲਾਂ ਦੇ ਸਿਲੇਬਸ ਵਿੱਚ ਢੁਕਵੀਂ ਤਬਦੀਲੀ ਕਰਨ ਦੀ ਲੋੜ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਨਾਲ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਵਿੱਚ ਸੂਬੇ ਦੀ ਮਹਾਨ ਵਿਰਾਸਤ ਦਾ ਪਾਸਾਰ ਕਰਨ ਵਿੱਚ ਮਦਦ ਮਿਲੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਅੱਜ ਦਾ ਸਮਾਗਮ ਕੋਈ ਸਧਾਰਨ ਸਮਾਗਮ ਨਹੀਂ ਹੈ ਸਗੋਂ ਦੁਨੀਆ ਦੇ ਮਹਾਨ ਇਨਕਲਾਬੀ ਦੇ ਜਨਮ ਦਿਨ ਦੇ ਜਸ਼ਨਾਂ ਦਾ ਦਿਨ ਹੈ। ਉਨ੍ਹਾਂ ਕਿਹਾ, "ਜਿਸ ਉਮਰ ਵਿੱਚ ਨੌਜਵਾਨ ਆਪਣੇ ਮਾਪਿਆਂ ਪਾਸੋਂ ਤੋਹਫਿਆਂ ਦੀ ਮੰਗ ਕਰਦੇ ਹਨ, ਉਸ ਉਮਰ ਵਿੱਚ ਸ਼ਹੀਦ ਭਗਤ ਸਿੰਘ ਨੇ ਬਰਤਾਨੀਆ ਤੋਂ ਆਪਣੀ ਮਾਤ ਭੂਮੀ ਆਜ਼ਾਦ ਕਰਵਾਉਣ ਦੀ ਮੰਗ ਕੀਤੀ।" ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅੱਜ ਦਾ ਦਿਨ ਹਰੇਕ ਭਾਰਤੀ ਦੇ ਜੀਵਨ ਵਿੱਚ ਬਹੁਤ ਮਹਾਨ ਦਿਨ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਪੜ੍ਹਦੇ ਬਹੁਤ ਸਨ ਜਿਸ ਕਰਕੇ ਉਹ ਹਮੇਸ਼ਾ ਲੋਕਾਂ ਦੀ ਭਲਾਈ ਲਈ ਚਿੰਤਤ ਰਹਿੰਦੇ ਸਨ। ਉਨ੍ਹਾਂ ਨੇ ਕਿਹਾ ਕਿ ਇਸ ਮਹਾਨ ਨਾਇਕ ਨੇ ਦੇਸ਼ ਨੂੰ ਬਰਤਾਨਵੀ ਹਕੂਮਤ ਦੀ ਚੁੰਗਲ ਤੋਂ ਆਜ਼ਾਦ ਕਰਵਾਉਣ ਵਿੱਚ ਲਾਮਿਸਾਲ ਯੋਗਦਾਨ ਪਾਇਆ। ਭਗਵੰਤ ਸਿੰਘ ਮਾਨ ਨੇ ਲੋਕਾਂ ਨੂੰ ਚੇਤੇ ਕਰਵਾਉਂਦੇ ਕਿਹਾ, "ਜਦੋਂ ਸਾਡੇ ਮਹਾਨ ਕੌਮੀ ਨਾਇਕ ਅਤੇ ਸ਼ਹੀਦ ਅੰਗਰੇਜ਼ਾਂ ਦੇ ਜਬਰ-ਜ਼ੁਲਮ ਦੇ ਖਿਲਾਫ਼ ਜੰਗ ਲੜ ਰਹੇ ਸਨ ਤਾਂ ਉਸੇ ਸਮੇਂ ਦੌਰਾਨ ਕੁਝ ਗੱਦਾਰ ਸਾਮਰਾਜੀ ਸ਼ਕਤੀਆਂ ਦੇ ਹੱਕ ਵਿੱਚ ਭੁਗਤ ਰਹੇ ਸਨ। ਇਹੋ ਜਿਹੇ ਗੱਦਾਰਾਂ ਨੂੰ ਅੱਜ ਕੋਈ ਯਾਦ ਵੀ ਨਹੀਂ ਕਰਦਾ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਬੜੇ ਦੁੱਖ ਦੀ ਗੱਲ ਹੈ ਕਿ ਸ਼ਹੀਦ-ਏ-ਆਜ਼ਮ ਦੇ ਸੁਪਨੇ ਅੱਜ ਵੀ ਅਧੂਰੇ ਹਨ ਕਿਉਂਕਿ ਭ੍ਰਿਸ਼ਟਾਚਾਰ, ਕੁਨਬਾਪ੍ਰਸਤੀ ਅਤੇ ਗਰੀਬੀ ਨੇ ਅਜੇ ਵੀ ਜੜ੍ਹਾਂ ਲਾਈਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਅੰਗਰੇਜ਼ਾਂ ਦੇ ਸ਼ਾਸਨ ਤੋਂ ਬਾਅਦ ਸੱਤਾ ਸੰਭਾਲਣ ਵਾਲੇ ਲੋਕਾਂ ਨੇ ਅੰਗਰੇਜ਼ਾਂ ਨਾਲੋਂ ਵੀ ਵੱਧ ਬੇਰਹਿਮੀ ਨਾਲ ਖਜ਼ਾਨੇ ਨੂੰ ਲੁੱਟਿਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਨੂੰ ਇਹ ਸੁਣ ਕੇ ਬੜਾ ਦੁੱਖ ਹੁੰਦਾ ਹੈ ਕਿ ਜਦੋਂ ਕੁਝ ਲੋਕ ਇਹ ਕਹਿ ਦਿੰਦੇ ਹਨ ਕਿ ਹੁਣ ਨਾਲੋਂ ਤਾਂ ਅੰਗਰੇਜ਼ਾਂ ਦਾ ਸ਼ਾਸਨ ਚੰਗਾ ਸੀ। ਉਨ੍ਹਾਂ ਕਿਹਾ ਕਿ ਇਸ ਧਾਰਨਾ ਨੂੰ ਬਦਲਣ ਦੀ ਲੋੜ ਹੈ।

ਮੁੱਖ ਮੰਤਰੀ ਨੇ ਲੋਕਾਂ ਨੂੰ ਦੇਸ਼ ਨੂੰ ਮੋਹਰੀ ਬਣਾਉਣ ਲਈ ਜਾਤ, ਧਰਮ ਤੇ ਨਸਲ ਦੀਆਂ ਸੌੜੀਆਂ ਵਲਗਣਾਂ ਤੋਂ ਉਪਰ ਉੱਠਣ ਦਾ ਸੱਦਾ ਦਿੱਤਾ ਜੋ ਸਹੀ ਮਾਅਨਿਆਂ ਵਿੱਚ ਸ਼ਹੀਦ ਭਗਤ ਸਿੰਘ ਤੇ ਹੋਰ ਆਜ਼ਾਦੀ ਘੁਲਾਟੀਆਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ ਜਿਨ੍ਹਾਂ ਨੇ ਆਪਣੀ ਮਾਤ ਭੂਮੀ ਦੀ ਖਾਤਰ ਆਪਣੀਆਂ ਜਾਨਾਂ ਨਿਛਾਵਰ ਕਰ ਦਿੱਤੀਆਂ। ਭਗਵੰਤ ਸਿੰਘ ਮਾਨ ਨੇ ਨੌਜਵਾਨਾਂ ਨੂੰ ਸ਼ਹੀਦ ਭਗਤ ਸਿੰਘ ਦੇ ਸੁਪਨਿਆਂ ਵਾਲਾ ਦੇਸ਼ ਬਣਾਉਣ ਲਈ ਵਧ-ਚੜ੍ਹ ਕੇ ਅੱਗੇ ਆਉਣ ਦਾ ਸੱਦਾ ਦਿੱਤਾ।

ਮੁੱਖ ਮੰਤਰੀ ਨੇ ਅਫਸੋਸ ਨਾਲ ਕਿਹਾ ਕਿ ਇਹ ਬੜੀ ਮੰਦਭਾਗੀ ਗੱਲ ਹੈ ਕਿ ਅੱਜ ਕੁਝ ਲੋਕ ਸ਼ਹੀਦਾਂ ਦੀਆਂ ਕੁਰਬਾਨੀਆਂ ਉਤੇ ਸਵਾਲ ਚੁੱਕ ਰਹੇ ਹਨ। ਉਨ੍ਹਾਂ ਕਿਹਾ ਕਿ ਸ਼ਹੀਦ ਦੇ ਦੇਸ਼ ਪ੍ਰਤੀ ਯੋਗਦਾਨ ਉਤੇ ਸਵਾਲ ਚੁੱਕਣ ਦਾ ਕਿਸੇ ਨੂੰ ਹੱਕ ਨਹੀਂ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਵੱਲੋਂ ਆਪਣੇ ਵਤਨ ਦੀ ਖਾਤਰ ਦਿੱਤੀ ਮਿਸਾਲੀ ਕੁਰਬਾਨੀ ਲਈ ਇਨ੍ਹਾਂ ਗੱਦਾਰਾਂ ਪਾਸੋਂ ਐਨ.ਓ.ਸੀ. ਲੈਣ ਦੀ ਲੋੜ ਨਹੀਂ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਸ਼ਹੀਦਾਂ ਦੇ ਸੁਪਨੇ ਸਾਕਾਰ ਕਰਨ ਲਈ ਯਤਨ ਕਰਨੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਸੂਬੇ ਦੀ ਪੁਰਾਤਨ ਸ਼ਾਨ ਨੂੰ ਬਹਾਲ ਕਰਨਾ ਸਮੇਂ ਦੀ ਲੋੜ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਵਿਅਕਤੀ ਨਹੀਂ ਸਗੋਂ ਇਕ ਸੰਸਥਾ ਸਨ ਅਤੇ ਸਾਨੂੰ ਦੇਸ਼ ਦੀ ਤਰੱਕੀ ਲਈ ਉਨ੍ਹਾਂ ਦੇ ਰਸਤੇ ਉਤੇ ਚੱਲਣਾ ਚਾਹੀਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਇਤਿਹਾਸ ਵਿੱਚ ਪਹਿਲੀ ਵਾਰ ਪੰਜਾਬ ਨੂੰ ਝੋਨੇ ਦੇ ਆਗਾਮੀ ਸੀਜ਼ਨ ਲਈ 37 ਹਜ਼ਾਰ ਕਰੋੜ ਰੁਪਏ ਦੀ ਕੈਸ਼ ਕ੍ਰੈਡਿਟ ਲਿਮਟ (ਸੀ.ਸੀ.ਐਲ.) ਪ੍ਰਾਪਤ ਹੋ ਗਈ ਹੈ। ਉਨ੍ਹਾਂ ਕਿਹਾ ਕਿ ਖ਼ਰੀਦ ਲਈ ਸੂਬਾ ਸਰਕਾਰ ਨੇ ਕੇਂਦਰ ਸਰਕਾਰ ਤੋਂ 42 ਹਜ਼ਾਰ ਕਰੋੜ ਦੀ ਸੀ.ਸੀ.ਐਲ. ਦੀ ਮੰਗ ਕੀਤੀ ਸੀ। ਭਗਵੰਤ ਸਿੰਘ ਮਾਨ ਨੇ ਭਰੋਸਾ ਦਿੱਤਾ ਕਿ ਸੂਬਾ ਸਰਕਾਰ ਝੋਨੇ ਦੇ ਦਾਣੇ-ਦਾਣੇ ਦੀ ਖ਼ਰੀਦ ਯਕੀਨੀ ਬਣਾਏਗੀ।

ਮੁੱਖ ਮੰਤਰੀ ਨੇ ਕਿਹਾ ਕਿ ਸਾਡੀ ਸਰਕਾਰ ਸੂਬੇ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਉੱਤਰੀ ਜ਼ੋਨਲ ਕੌਂਸਲ ਦੀ ਹਾਲ ਹੀ ਵਿੱਚ ਹੋਈ ਮੀਟਿੰਗ ਦੌਰਾਨ ਐਸ.ਵਾਈ.ਐਲ., ਚੰਡੀਗੜ੍ਹ ਤੇ ਸੂਬੇ ਨਾਲ ਸਬੰਧਤ ਹੋਰ ਮਸਲੇ ਜ਼ੋਰਦਾਰ ਢੰਗ ਨਾਲ ਉਠਾਏ ਹਨ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ ਸੂਬੇ ਦੇ ਹਿੱਤਾਂ ਦੀ ਰਾਖੀ ਕੀਤੀ ਜਾਵੇਗੀ, ਜਿਸ ਲਈ ਸਰਕਾਰ ਪਹਿਲਾਂ ਹੀ ਸਮਰਪਿਤ ਭਾਵਨਾ ਨਾਲ ਕੰਮ ਕਰ ਰਹੀ ਹੈ।

ਮੁੱਖ ਮੰਤਰੀ ਨੇ ਗੜ੍ਹਸ਼ੰਕਰ ਨੇੜੇ ਸ਼ਹੀਦ ਭਗਤ ਸਿੰਘ ਦੇ ਨਾਨਕੇ ਘਰ ਵਿੱਚ ਮੈਮੋਰੀਅਲ, ਲਾਇਬ੍ਰੇਰੀ ਅਤੇ ਹੋਰ ਯਾਦਗਾਰਾਂ ਦੇ ਨਿਰਮਾਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਸ਼ਹੀਦ ਭਗਤ ਸਿੰਘ ਦੇ ਜੱਦੀ ਪਿੰਡ ਵਿੱਚ ਮਿਊਜ਼ੀਅਮ ਨੂੰ ਅਪਗ੍ਰੇਡ ਕੀਤਾ ਜਾ ਰਿਹਾ ਹੈ, ਜਿਸ ਦਾ ਕੰਮ ਚੱਲ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਮਹਾਨ ਸ਼ਹੀਦ ਦੀ ਵਿਰਾਸਤ ਤੋਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਜਾਣੂ ਕਰਵਾਉਣ ਲਈ ਇਹ ਸਮੇਂ ਦੀ ਲੋੜ ਹੈ।

ਇਸ ਤੋਂ ਪਹਿਲਾਂ ਸੱਭਿਆਚਾਰਕ ਮਾਮਲੇ ਅਤੇ ਸੈਰ-ਸਪਾਟਾ ਮੰਤਰੀ ਅਨਮੋਲ ਗਗਨ ਮਾਨ ਨੇ ਪਤਵੰਤਿਆਂ ਦਾ ਸਵਾਗਤ ਕੀਤਾ।

ਇਸ ਮੌਕੇ ਕੈਬਨਿਟ ਮੰਤਰੀ ਅਨਮੋਲ ਗਗਨ ਮਾਨ, ਚੇਤਨ ਸਿੰਘ ਜੌੜੇਮਾਜਰਾ, ਬਲਕਾਰ ਸਿੰਘ, ਬ੍ਰਮ ਸ਼ੰਕਰ ਜਿੰਪਾ, ਹਰਭਜਨ ਸਿੰਘ ਈ.ਟੀ.ਓ., ਡਾ. ਬਲਜੀਤ ਕੌਰ ਅਤੇ ਕੁਲਦੀਪ ਸਿੰਘ ਧਾਲੀਵਾਲ, ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਰੋੜੀ, ਲੋਕ ਸਭਾ ਮੈਂਬਰ ਸੁਸ਼ੀਲ ਕੁਮਾਰ ਰਿੰਕੂ ਅਤੇ ਹੋਰ ਵੀ ਹਾਜ਼ਰ ਸਨ।

ਇਸ ਮੌਕੇ ਮੁੱਖ ਮੰਤਰੀ ਦੇ ਵਿਸ਼ੇਸ਼ ਪ੍ਰਮੁੱਖ ਸਕੱਤਰ ਕੁਮਾਰ ਅਮਿਤ, ਡਾਇਰੈਕਟਰ ਸੈਰ-ਸਪਾਟਾ ਰਵਿੰਦਰ ਕੁਮਾਰ ਸ਼ਰਮਾ, ਐਸ.ਬੀ.ਐਸ. ਨਗਰ ਦੇ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਅਤੇ ਹੋਰ ਸ਼ਖਸੀਅਤਾਂ ਹਾਜ਼ਰ ਸਨ।

# ਪਤਨੀ ਦਾ ਹਥੌੜੇ ਨਾਲ ਵਾਰ ਕਰਕੇ ਕੀਤਾ ਕਤਲ, ਪਹਿਲਾਂ ਵਿਆਹ ਕਰਵਾਉਣ ਲਈ ਅਪਣਾਇਆ ਸੀ ਇਸਲਾਮ

ਠਾਣੇ, 28 ਸਤੰਬਰ (ਪੋਸਟ ਬਿਊਰੋ): ਮਹਾਰਾਸ਼ਟਰ ਦੇ ਠਾਣੇ ਦੇ ਮੁੰਬਰਾ ਤੋਂ ਇਕ ਸਨਸਨੀਖੇਜ਼ ਖਬਰ ਸਾਹਮਣੇ ਆਈ ਹੈ। ਇੱਥੋਂ ਦੇ ਅੰਬੇਡਕਰ ਨਗਰ ਵਿੱਚ ਇੱਕ ਵਿਅਕਤੀ ਨੇ ਆਪਣੀ ਪਤਨੀ ਦਾ ਹਥੌੜੇ ਨਾਲ ਵਾਰ ਕਰਕੇ ਕਤਲ ਕਰ ਦਿੱਤਾ। ਮੁੰਬਰਾ ਪੁਲਿਸ ਦਾ ਕਹਿਣਾ ਹੈ ਕਿ ਇਹ ਕਤਲ ਪਰਿਵਾਰਕ ਝਗੜੇ ਕਾਰਨ ਹੋਇਆ ਹੈ। ਇਹ ਵੀ ਖੁਲਾਸਾ ਹੋਇਆ ਹੈ ਕਿ ਮੁਲਜ਼ਮ ਪਹਿਲਾਂ ਹਿੰਦੂ ਸੀ ਅਤੇ 14 ਸਾਲ ਪਹਿਲਾਂ ਮ੍ਰਿਤਕ ਨਾਲ ਵਿਆਹ ਕਰ ਕੇ ਇਸਲਾਮ ਕਬੂਲ ਕਰ ਲਿਆ ਸੀ। ਪਰ ਹੁਣ ਪਰਿਵਾਰਕ ਝਗੜਾ ਇਸ ਹੱਦ ਤੱਕ ਵੱਧ ਗਿਆ ਕਿ ਉਸ ਨੇ ਆਪਣੀ ਪਤਨੀ ਦਾ ਕਤਲ ਕਰ ਦਿੱਤਾ।



ਇਸ ਮਾਮਲੇ ਵਿਚ ਮੁੰਬਰਾ ਪੁਲਿਸ ਦੇ ਸੀਨੀਅਰ ਪੁਲਿਸ ਕਪਤਾਨ ਐੱਨ. ਬੀ. ਕੋਲਹਟਕਰ ਨੇ ਦੱਸਿਆ ਕਿ ਕਤਲ ਪਰਿਵਾਰਕ ਝਗੜੇ ਕਾਰਨ ਹੋਇਆ ਹੈ। ਦੋਸ਼ੀ ਵਿਜੈ ਉਰਫ ਸਮੀਰ ਕਮਲਨਾਥ ਮਿਸ਼ਰਾ ਪਹਿਲਾਂ ਹਿੰਦੂ ਸੀ ਅਤੇ ਜ਼ਰੀਨ ਨਾਲ ਵਿਆਹ ਕਰਨ ਤੋਂ ਬਾਅਦ ਉਹ ਧਰਮ ਪਰਿਵਰਤਨ ਕਰਕੇ ਮੁਸਲਮਾਨ ਬਣ ਗਿਆ। ਪੁਲਸ ਨੇ ਦੱਸਿਆ ਕਿ ਵਿਜੈ ਉਰਫ ਸਮੀਰ ਕਮਲਨਾਥ ਮਿਸ਼ਰਾ ਅਤੇ ਜ਼ਰੀਨ ਦਾ ਵਿਆਹ 14 ਸਾਲ ਪਹਿਲਾਂ ਹੋਇਆ ਸੀ। 30 ਸਾਲਾ ਜ਼ਰੀਨ ਅੰਸਾਰੀ ਅੰਬੇਦਕਰ ਨਗਰ ਮੈਦਾਨ, ਮੁੰਬਰਾ ਵਿਚ ਆਪਣੀ ਸੱਸ ਦੇ ਘਰ ਆਪਣੀ ਬੇਟੀ ਅਤੇ ਬੇਟੇ ਨਾਲ ਰਹਿ ਰਹੀ ਸੀ। ਵਿਜੈ ਉਰਫ ਸਮੀਰ ਕਮਲਨਾਥ ਮਿਸ਼ਰਾ ਅਤੇ ਜ਼ਰੀਨ ਵਿਚਕਾਰ ਝਗੜਾ ਵਧਦਾ ਜਾ ਰਿਹਾ ਸੀ। ਮ੍ਰਿਤਕ ਔਰਤ ਜ਼ਰੀਨ ਦਾ ਪਤੀ ਵਿਜੈ ਉਰਫ ਸਮੀਰ ਕਮਲਨਾਥ ਮਿਸ਼ਰਾ, ਜੋ ਹਿੰਦੂ ਤੋਂ ਮੁਸਲਮਾਨ ਬਣ ਗਿਆ ਸੀ, ਭਿਵੰਡੀ ਵਿਚ ਆਪਣੀ ਪਤਨੀ ਤੋਂ ਵੱਖ ਰਹਿੰਦਾ ਸੀ।

# ਪੰਜਾਬ ਸਰਕਾਰ ਕਿਸਾਨਾਂ ਦੇ ਫਗਵਾੜਾ ਖੰਡ ਮਿੱਲ ਨਾਲ ਜੁੜੇ ਸਾਰੇ ਮਸਲਿਆਂ ਦਾ ਜਲਦ ਹੱਲ ਕਰੇਗੀ : ਖੁੱਡੀਆਂ

ਚੰਡੀਗੜ੍ਹ, 28 ਸਤੰਬਰ (ਪੋਸਟ ਬਿਊਰੋ): ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਦੋਆਬਾ ਦੇ ਗੰਨਾ ਕਾਸ਼ਤਕਾਰਾਂ ਨੂੰ ਭਰੋਸਾ ਦਿੱਤਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਸਾਨਾਂ ਦੇ ਗੋਲਡਨ ਸੰਧਰ ਮਿੱਲਜ਼ ਲਿਮਟਿਡ, ਫਗਵਾੜਾ ਨਾਲ ਸਬੰਧਤ ਸਾਰੇ ਮਸਲਿਆਂ ਨੂੰ ਜਲਦੀ ਹੱਲ ਕਰੇਗੀ।

ਗੁਰਮੀਤ ਸਿੰਘ ਖੁੱਡੀਆਂ, ਜਿਨ੍ਹਾਂ ਨਾਲ ਪੰਜਾਬ ਸ਼ੂਗਰਫੈੱਡ ਦੇ ਚੇਅਰਮੈਨ ਨਵਦੀਪ ਸਿੰਘ ਜੀਦਾ, ਡਾਇਰੈਕਟਰ ਖੇਤੀਬਾੜੀ ਜਸਵੰਤ ਸਿੰਘ ਅਤੇ ਕਪੂਰਥਲਾ ਜ਼ਿਲ੍ਹੇ ਦੇ ਪ੍ਰਸ਼ਾਸਨਿਕ ਅਧਿਕਾਰੀ ਮੌਜੂਦ ਸਨ, ਨੇ ਅੱਜ ਇਥੇ ਖੇਤੀ ਭਵਨ ਵਿਖੇ ਭਾਰਤੀ ਕਿਸਾਨ ਯੂਨੀਅਨ (ਦੋਆਬਾ) ਦੇ ਪ੍ਰਧਾਨ ਮਨਜੀਤ ਸਿੰਘ ਰਾਏ ਦੀ ਅਗਵਾਈ ਵਿੱਚ ਆਏ ਦੋਆਬਾ ਖੇਤਰ ਦੇ ਗੰਨਾ ਕਾਸ਼ਤਕਾਰਾਂ ਨਾਲ ਮੀਟਿੰਗ ਕੀਤੀ। ਗੰਨਾ ਕਾਸ਼ਤਕਾਰਾਂ ਵੱਲੋਂ ਉਠਾਏ ਮਸਲਿਆਂ ਦੇ ਜਵਾਬ ਵਿੱਚ ਖੇਤੀਬਾੜੀ ਮੰਤਰੀ ਨੇ ਡਿਪਟੀ ਕਮਿਸ਼ਨਰ ਕਪੂਰਥਲਾ ਕੈਪਟਨ ਕਰਨੈਲ ਸਿੰਘ ਨੂੰ ਹਦਾਇਤ ਕੀਤੀ ਕਿ ਡਿਫਾਲਟਰ ਮਿੱਲ ਮਾਲਕਾਂ ਦੀਆਂ ਜਾਇਦਾਦਾਂ ਜ਼ਬਤ ਕਰਨ ਦੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਂਦੀ ਜਾਵੇ ਅਤੇ ਕਿਸਾਨਾਂ ਦੇ ਹਿੱਤਾਂ ਲਈ ਹਰ ਸੰਭਵ ਕਦਮ ਚੁੱਕੇ ਜਾਣ ਕਿਉਂਕਿ ਕਿਸਾਨਾਂ ਦੀ ਭਲਾਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ।

URGENTLY NEED NEW LISTINGS IN BRAMPTON/CALEDON

visit: www.teamjagaujla.com

ADVERTISEMENT GUARANTEED TILL SOLD

JAG AUJLA

MCNE, REAL ESTATE BROKER

416-371-7777

e-mail: j.aujla@rogers.com or visit: www.jagaujla.com

MCNE (2021, 2018, 2015, 2014, 2013, 2012, 2011, 2010) (2020-2018) (2018-2009) (REMAX International) (2014) Hall of Fame (2010)

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

**SHELBURNE** (Simon St /Hwy 89)
ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੋਂ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

**CAMBRIDGE** (Speedsville/Equestrian Way)
ਐਂਡ ਯੂਨਿਟ ਕਾਨ੍ਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

**BRAMPTON** (Mclaughlin / Steeles / Mavis)
ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

**BRAMPTON** (Wanless/Mclaughlin)
ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC. REALTOR MLS MULTIPLE LISTING SERVICE

Ph:905-456-3232 **Based on units sold & commissions **Some conditions apply

*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.

Call: JAG AUJLA Dir: 416-371-7777

MCNE, Real Estate Broker

NOT INTENDED TO SOLICIT BUYERS OR SELLERS CURRENTLY UNDER CONTRACT

Dr. Randhawa Dentistry

Your own dentist who really cares for you

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist

New Patients welcome
Deal Directly with all Insurance Companies

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

Mayfield Rd / Mcvean Dr / Gore Rd / DENTISTRY / Squire Ellis Dr / Countryside Dr

Grand Upholstery Ltd

Sofa Company Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ

ਕੁਆਲਿਟੀ ਮੂਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

REXDALE BODY SHOP USED CAR SALE

Specialization In:
- All Kinds of Body Work
- Auto Glass Windshield
- Denting, Painting & Welding

SPECIAL PAINT JOB $779

RENTAL CAR PROVIDED

25 years of Canadian Experience
OPEN MON - SAT 9AM TO 7PM

ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ

CHEEMA

LOWEST PRICE IN TOWN

Towing Service Car Paint Starts $799* upto 100% Deductible Paid*

Call Rick or Manminder Cheema: 416.749.9596 / 416.951.6431

30 Racine Rd. Toronto, ON, M9W 2Z3, FAX: 416.749.9597

www.AAABODYSHOP.ca
mcheemaaaa@hotmail.com







FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017